ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 26 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੧੪ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111, +447976210161, +919729091243




## ਚੋਣ ਜ਼ਾਬਤਾ ਦੌਰਾਨ ਪੰਜਾਬ 'ਚ 321.51 ਕਰੋੜ ਰੁਪਏ ਦੇ ਨਸ਼ੀਲੇ ਪਦਾਰਥ, ਨਕਦੀ ਅਤੇ ਹੋਰ ਕੀਮਤੀ ਵਸਤਾਂ ਜ਼ਬਤ

**ਚੰਡੀਗੜ੍ਹ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ 2024 ਦੌਰਾਨ ਸੂਬੇ ਵਿਚ ਚੋਣ ਮਰਿਆਦਾ ਨੂੰ ਕਾਇਮ ਰੱਖਣ ਲਈ ਕੀਤੇ ਜਾ ਰਹੇ ਯਤਨਾਂ ਤਹਿਤ ਇਨਫੋਰਸਮੈਂਟ ਏਜੰਸੀਆਂ ਨੇ ਵੱਡੀ ਕਾਰਵਾਈ ਕਰਦਿਆਂ 16 ਮਾਰਚ ਨੂੰ ਚੋਣ ਜ਼ਾਬਤਾ ਲਾਗੂ ਹੋਣ ਤੋਂ ਲੈ ਕੇ ਹੁਣ ਤੱਕ 321.51 ਕਰੋੜ ਰੁਪਏ ਦੀ ਨਕਦੀ, ਸ਼ਰਾਬ, ਨਸ਼ੀਲੇ ਪਦਾਰਥ, ਕੀਮਤੀ ਵਸਤਾਂ ਅਤੇ ਹੋਰ ਸਮਾਨ ਜ਼ਬਤ ਕੀਤਾ ਹੈ। ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਕਿ ਹੁਣ ਤੱਕ ਕੁੱਲ 321.51 ਕਰੋੜ ਰੁਪਏ ਦੀਆਂ ਬਰਾਮਦਗੀਆਂ ਕੀਤੀਆਂ ਹਨ ਜਿਨ੍ਹਾਂ ਵਿਚ 6.89 ਕਰੋੜ ਰੁਪਏ ਦੀ ਨਕਦੀ, 14.93 ਕਰੋੜ ਰੁਪਏ ਕੀਮਤ ਦੀ 22.8 ਲੱਖ ਲਿਟਰ ਸ਼ਰਾਬ, 287.23 ਕਰੋੜ ਰੁਪਏ ਦੇ ਨਸ਼ੀਲੇ ਪਦਾਰਥ, 11.37 ਕਰੋੜ ਰੁਪਏ ਦੀਆਂ ਕੀਮਤੀ ਵਸਤਾਂ ਅਤੇ 1.09 ਕਰੋੜ ਰੁਪਏ ਦਾ ਹੋਰ ਸਮਾਨ ਜ਼ਬਤ ਕੀਤਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਵਿਚ 24 ਘੰਟੇ ਇਨਫੋਰਸਮੈਂਟ ਏਜੰਸੀਆਂ ਸਰਗਰਮੀ ਨਾਲ ਕੰਮ ਕਰ ਰਹੀਆਂ ਹਨ। ਇਨ੍ਹਾਂ ਬਰਾਮਦਗੀਆਂ ਵਿਚ ਪੰਜਾਬ ਪੁਲਸ ਵੱਲੋਂ ਸਭ ਤੋਂ ਵੱਧ 276.19 ਕਰੋੜ ਰੁਪਏ, ਸੀਮਾ ਸੁਰੱਖਿਆ ਬਲ ਵੱਲੋਂ 22.85 ਕਰੋੜ ਰੁਪਏ, ਆਬਕਾਰੀ ਵਿਭਾਗ ਵੱਲੋਂ 7.21 ਕਰੋੜ ਰੁਪਏ, ਵਸਤਾਂ ਅਤੇ ਸੇਵਾਵਾਂ ਕਰ ਵਿਭਾਗ ਵੱਲੋਂ 5 ਕਰੋੜ ਰੁਪਏ, ਕਸਟਮ ਵਿਭਾਗ ਵੱਲੋਂ 4.37 ਕਰੋੜ ਰੁਪਏ, ਆਮਦਨ ਕਰ ਵਿਭਾਗ ਵੱਲੋਂ 4.08 ਕਰੋੜ ਰੁਪਏ ਅਤੇ ਨਾਰਕੋਟਿਕਸ ਕੰਟਰੋਲ ਬਿਊਰੋ ਵੱਲੋਂ 1.76 ਕਰੋੜ ਰੁਪਏ ਦੀਆਂ ਜ਼ਬਤੀਆਂ ਕੀਤੀਆਂ ਗਈਆਂ ਹਨ।

## ਪੰਜਾਬ 'ਚ ਵੱਡੀ ਵਾਰਦਾਤ

# ਬਲਾਸਟ ਨਾਲ ਕੰਬ ਗਿਆ ਪਠਾਨਕੋਟ

**ਪਠਾਨਕੋਟ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਠਾਨਕੋਟ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ, ਜਿਥੇ ਪਠਾਨਕੋਟ ਸ਼ਹਿਰ ਦੇ ਅਬਰੋਲ ਨਗਰ ਰੋਡ 'ਤੇ ਜ਼ਬਰਦਸਤ ਧਮਾਕਾ ਹੋਇਆ ਹੈ। ਬਲਾਸਟ ਇੰਨਾ ਭਿਆਨਕ ਹੋਇਆ ਕਿ ਪੂਰਾ ਸ਼ਹਿਰ ਕੰਬ ਉੱਠਿਆ ਹੈ ਜਿਸ ਵੇਲੇ ਧਮਾਕਾ ਹੋਇਆ ਤਾਂ ਨੇੜੇ ਦੁਕਾਨਾਂ ਅਤੇ ਰੇੜੀ ਵਾਲੇ ਭੱਜ ਗਏ। ਜਿਸਦੇ ਬਾਅਦ ਲੋਕਾਂ ਵੱਲੋਂ ਪੁਲਸ ਨੂੰ ਸੂਚਿਤ ਕੀਤਾ ਅਤੇ ਪੁਲਸ ਦੀਆਂ ਵੱਡੀਆਂ ਟੀਮਾਂ ਤਾਇਨਾਤ ਕੀਤੀਆਂ ਗਈਆਂ ਹਨ। ਇਸ ਦੌਰਾਨ ਲੋਕਾਂ 'ਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਹਰ ਪਾਸੇ ਸਨਸਨੀ ਫੈਲੀ ਹੋਈ ਹੈ। ਇਸ ਦੌਰਾਨ ਮੌਜੂਦ ਲੋਕਾਂ ਨੇ ਦੱਸਿਆ ਕਿ ਬਲਾਸਟ ਇੰਨਾ ਜ਼ਬਰਦਸਤ ਦੀ ਕਿ ਆਵਾਜ਼ ਪੂਰੇ ਸ਼ਹਿਰ 'ਚ



ਗੂੰਝ ਉੱਠੀ ਅਤੇ ਅੱਗ ਦਾ ਗੁਬਾਰ ਉੱਡਦਾ ਦਿਖਾਈ ਦਿੱਤਾ। ਦੱਸਿਆ ਜਾ ਰਿਹਾ ਹੈ ਇਹ ਬੰਬ ਨਹਿਰ ਦੇ ਕਿਨਾਰੇ ਬਲਾਸਟ ਕੀਤਾ ਗਿਆ ਹੈ ਜੋ ਕਿ ਪੰਜਾਬ 'ਚ ਇਕ ਵਾਰਦਾਤ ਨੂੰ ਅੰਜ਼ਾਮ ਦਿੱਤਾ ਗਿਆ ਹੈ। ਇਸ ਦੌਰਾਨ ਮੌਕੇ ਤਾਂ ਪਹੁੰਚੀ ਪੁਲਸ ਵੱਲੋਂ ਘਟਨਾ ਦਾ ਜਾਇਜ਼ਾ ਲਿਆ ਗਿਆ ਅਤੇ ਪੁਸ਼ਟੀ ਕੀਤੀ ਕਿ ਜੋ ਹੋਇਆ ਹੈ ਉਹ ਕੋਈ ਆਰਡੀਐਕਸ ਜਾਂ ਫਿਰ ਕੋਈ ਵਿਸਫੋਟਕ ਸਮਗਰੀ ਨਹੀਂ ਸੀ। ਪੁਲਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਜਗ੍ਹਾ 'ਤੇ ਪੂਰ ਦੇ ਢੇਰ ਲੱਗੇ ਹੋਏ ਸੀ ਜਿਸ ਨੂੰ ਅੱਗ ਲਗਾਈ ਗਈ ਸੀ, ਹੋ ਸਕਦਾ ਹੈ ਕਿਸੇ ਨੇ ਇਸ 'ਚ ਸ਼ਰਾਬ ਦੀ ਬੋਤਲ ਸੁੱਟੀ ਹੋਵੇ ਅਤੇ ਬੋਤਲ ਫੱਟਣ ਕਾਰਨ ਇਹ ਧਮਾਕਾ ਹੋਇਆ ਹੈ। ਪੁਲਸ ਵਲੋਂ ਤਫਤੀਸ਼ ਕੀਤੀ ਜਾ ਰਹੀ ਹੈ ਜੇ ਕੁਝ ਹੋਰ ਸਾਹਮਣੇ ਆਉਂਦਾ ਹੈ ਤਾਂ ਦੱਸ ਦਿੱਤਾ ਜਾਵੇਗਾ। ਪੁਸਲ ਨੇ ਲੋਕਾਂ ਅੱਗੇ ਅਪੀਲ ਕਰਦੇ ਹੋਏ ਕਿਹਾ ਕਿ ਘਬਰਾਉਣ ਦੀ ਲੋੜ ਨਹੀਂ ਹੈ। ਪੁਲਸ ਆਪਣਾ ਕੰਮ ਬਾਖ਼ੂਬੀ ਕਰ ਰਹੀ ਹੈ।

## ਕੈਨੇਡਾ ਦੀ ਮੋਸਟ ਵਾਂਟੇਡ ਲਿਸਟ 'ਚ ਪੰਜਾਬੀ ਮੂਲ ਦਾ ਭਗੌੜਾ, ਰੱਖਿਆ 30 ਲੱਖ ਦਾ ਇਨਾਮ

**ਨਵੀਂ ਦਿੱਲੀ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-21 ਸਾਲਾ ਪਵਨਪ੍ਰੀਤ ਕੌਰ ਦੇ ਕਤਲ ਦੇ ਮਾਮਲੇ ਵਿੱਚ ਲੋੜੀਂਦੇ ਪੰਜਾਬੀ ਮੂਲ ਦੇ ਭਗੌੜੇ ਧਰਮ ਸਿੰਘ ਧਾਲੀਵਾਲ ਨੂੰ ਕੈਨੇਡੀਅਨ ਪੁਲਸ ਨੇ ਦੇਸ਼ ਦੀ 25 ਮੋਸਟ ਵਾਂਟੇਡ ਸੂਚੀ ਵਿੱਚ ਰੱਖਿਆ ਹੈ। ਧਾਲੀਵਾਲ ਦੀ ਗ੍ਰਿਫ਼ਤਾਰੀ ਦੀ ਜਾਣਕਾਰੀ ਦੇਣ ਵਾਲੇ ਕਿਸੇ ਵੀ ਵਿਅਕਤੀ ਨੂੰ 50 ਹਜ਼ਾਰ ਕੈਨੇਡੀਅਨ ਡਾਲਰ (30 ਲੱਖ ਰੁਪਏ) ਦਾ ਇਨਾਮ ਦਿੱਤਾ ਜਾਵੇਗਾ। ਧਾਲੀਵਾਲ ਨੂੰ ਖ਼ਤਰਨਾਕ ਵਿਅਕਤੀ ਮੰਨਿਆ ਜਾਂਦਾ ਹੈ। ਕੈਨੇਡੀਅਨ ਪੁਲਸ ਅਨੁਸਾਰ ਉਹ ਧਰਮ ਦੇ ਗ੍ਰੇਟਰ ਟੋਰਾਂਟੋ ਖੇਤਰ, ਵਿਨੀਪੈਗ, ਵੈਨਕੂਵਰ/ਲੋਅਰ ਮੇਨਲੈਂਡ ਅਤੇ ਭਾਰਤ ਵਿੱਚ ਸੰਪਰਕ ਹਨ। ਪੀਲ ਰੀਜਨਲ ਪੁਲਸ ਧਰਮ ਧਾਲੀਵਾਲ ਨੂੰ ਫਰਸਟ ਡਿਗਰੀ ਕਤਲ ਦੇ ਵਾਰੰਟ 'ਤੇ ਚਾਹੁੰਦੀ ਹੈ। ਧਰਮ ਧਾਲੀਵਾਲ ਨੂੰ ਟਰੇਸ ਕਰਨ ਲਈ 2®*® (ਬੀ ਆਨ ਦਿ ਲੁੱਕ ਆਊਟ) ਪ੍ਰੋਗਰਾਮ ਦੀ ਵਰਤੋਂ ਕੀਤੀ ਜਾ ਰਹੀ ਹੈ। ਇਸ ਪ੍ਰੋਗਰਾਮ ਰਾਹੀਂ ਗੰਭੀਰ ਅਪਰਾਧਾਂ ਦੇ ਦੋਸ਼ੀ ਅਪਰਾਧੀਆਂ 'ਤੇ ਨਜ਼ਰ ਰੱਖੀ ਜਾਂਦੀ ਹੈ। ਇਹ ਕੈਨੇਡਾ ਦੇ ਸਭ ਤੋਂ ਵੱਧ ਲੋੜੀਂਦੇ ਸ਼ੱਕੀਆਂ ਦੀ ਭਾਲ ਵਿੱਚ ਨਾਗਰਿਕਾਂ ਨੂੰ ਸ਼ਾਮਲ ਕਰਨ ਲਈ ਸੋਸ਼ਲ ਮੀਡੀਆ ਅਤੇ ਤਕਨਾਲੋਜੀ ਦੀ ਵਰਤੋਂ ਕਰਦਾ ਹੈ। ਪਵਨਪ੍ਰੀਤ ਕੌਰ (21) ਨੂੰ ਦਸੰਬਰ 2022 ਵਿੱਚ ਬਰੈਂਪਟਨ, ਗ੍ਰੇਟਰ ਟੋਰਾਂਟੋ ਏਰੀਆ (ਜੀ.ਟੀ.ਏ) ਵਿੱਚ ਇੱਕ ਪੈਟਰੋ-ਕੈਨੇਡਾ ਗੈਸ ਸਟੇਸ਼ਨ 'ਤੇ ਗੋਲੀ ਮਾਰ ਦਿੱਤੀ ਗਈ ਸੀ। ਕਤਲ ਤੋਂ ਕੁਝ ਮਹੀਨੇ ਪਹਿਲਾਂ ਧਾਲੀਵਾਲ ਕੌਰ 'ਤੇ ਘਰੇਲੂ ਜੁਰਮਾਂ ਦੇ ਦੋਸ਼ ਲੱਗੇ ਸਨ। ਧਾਲੀਵਾਲ ਨੇ ਪੁਲਸ ਤੋਂ ਬਚਣ ਲਈ ਕੌਰ ਦਾ ਕਤਲ ਕਰਨ ਤੋਂ ਪਹਿਲਾਂ ਖ਼ੁਦਕੁਸ਼ੀ ਦੀ ਯੋਜਨਾ ਵੀ ਬਣਾਈ ਸੀ। ਪ੍ਰੈਸ ਰਿਲੀਜ਼ ਵਿੱਚ ਕਿਹਾ ਗਿਆ ਹੈ ਕਿ ਧਰਮ ਧਾਲੀਵਾਲ ਸਤੰਬਰ 2022 ਵਿੱਚ ਜਾਣਬੁੱਝ ਕੇ ਲਾਪਤਾ ਹੋ ਗਿਆ ਸੀ, ਪਰ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਇਹ ਪਵਨਪ੍ਰੀਤ ਕੌਰ ਦੀ ਹੱਤਿਆ ਦੀ ਯੋਜਨਾ ਦਾ ਹਿੱਸਾ ਸੀ।



## ਬਸਪਾ ਨੇ ਫ਼ਤਿਹਗੜ੍ਹ ਸਾਹਿਬ ਤੇ ਬਠਿੰਡਾ ਲੋਕ ਸਭਾ ਸੀਟ ਲਈ ਐਲਾਨੇ ਉਮੀਦਵਾਰ



**ਫ਼ਤਹਿਗੜ੍ਹ ਸਾਹਿਬ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਲਈ ਬਹੁਜਮ ਸਮਾਜ ਪਾਰਟੀ ਨੇ ਦੋ ਹੋਰ ਸੀਟਾਂ ਤੋਂ ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕੀਤਾ ਹੈ ਜਿਸ ਦਾ ਐਲਾਨ ਪਾਰਟੀ ਦੇ ਪੰਜਾਬ ਇੰਚਾਰਜ ਰਣਧੀਰ ਸਿੰਘ ਬੈਨੀਵਾਲ ਨੇ ਕੀਤਾ ਹੈ। ਪਾਰਟੀ ਨੇ ਸ੍ਰੀ ਫ਼ਤਿਹਗੜ੍ਹ ਸਾਹਿਬ ਤੇ ਬਠਿੰਡਾ ਸੀਟ ਲਈ ਉਮੀਦਵਾਰਾਂ ਦਾ ਐਲਾਨ ਕੀਤਾ ਹੈ ਜਿਸ ਵਿੱਚ ਬਸਪਾ ਦੇ ਲੋਕ ਸਭਾ ਫਤਿਹਗੜ੍ਹ ਸਾਹਿਬ ਤੋਂ ਕੁਲਵੰਤ ਸਿੰਘ ਮਹਤੋ ਅਤੇ ਬਠਿੰਡਾ ਤੋਂ ਲਖਵੀਰ ਸਿੰਘ ਨਿੱਕਾ ਹੋਣਗੇ। ਬਹੁਜਨ ਸਮਾਜ ਪਾਰਟੀ ਦੇ ਸੂਬਾ ਪ੍ਰਧਾਨ ਜਸਵੀਰ ਸਿੰਘ ਗੜ੍ਹੀ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਬਠਿੰਡਾ ਤੋਂ ਲਖਵੀਰ ਸਿੰਘ ਨਿੱਕਾ ਮੌਜੂਦਾ ਜਿਲਾ ਪ੍ਰਧਾਨ ਅਤੇ ਸਾਹਿਬ ਕਾਂਸੀ ਰਾਮ ਦੇ ਸਮੇਂ ਤੋਂ ਬਹੁਜਨ ਸਮਾਜ ਪਾਰਟੀ ਨਾਲ ਜੁੜੇ ਹੋਏ ਹਨ ਜੋ ਕਿ ਤਲਵੰਡੀ ਸਾਬੋ ਵਿਧਾਨ ਸਭਾ ਨਾਲ ਸੰਬੰਧਿਤ ਮਜਬੀ ਸਿੱਖ ਭਾਈਚਾਰੇ ਦੇ ਪ੍ਰਮੁੱਖ ਆਗੂ ਹਨ। ਜਿਨਾਂ ਨੇ ਮੋਹਰਲੀ ਕਤਾਰ ਖੜ੍ਹੇ ਹੋਕੇ ਤਲਵੰਡੀ ਸਾਬੋ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਗੁਰੂ ਘਰ ਦਾ ਜ਼ਮੀਨ ਕਬਜੇ ਦਾ ਮਾਮਲਾ ਪ੍ਰਮੁੱਖਤਾ ਨਾਲ ਲੜਿਆ ਸੀ। ਇਸੇ ਤਰ੍ਹਾਂ ਫਤਿਹਗੜ੍ਹ ਸਾਹਿਬ ਲੋਕ ਸਭਾ ਤੋਂ ਕੁਲਵੰਤ ਸਿੰਘ ਮਹਤੋ ਬਹੁਜਨ ਸਮਾਜ ਪਾਰਟੀ ਤੇ ਸੂਬਾ ਸਕੱਤਰ ਵਜੋਂ ਪਿਛਲੇ ਦੋ ਸਾਲਾਂ ਤੋਂ ਲੋਕ ਸਭਾ ਫਤਿਹਗੜ੍ਹ ਸਾਹਿਬ ਦੇ ਇੰਚਾਰਜ ਵਜੋਂ ਕੰਮ ਕਰ ਰਹੇ ਸਨ। ਗੜ੍ਹੀ ਨੇ ਕਿਹਾ ਕਿ ਇਸ ਦੇ ਨਾਲ ਹੀ ਬਹੁਜਨ ਸਮਾਜ ਪਾਰਟੀ ਵੱਲੋਂ ਨੌਂ ਉਮੀਦਵਾਰਾਂ ਦੇ ਨਾਵਾਂ ਦੀ ਘੋਸ਼ਣਾ ਹੋ ਚੁੱਕੀ ਹੈ ਜਿਸ ਵਿੱਚ ਪਹਿਲਾਂ ਘੋਸ਼ਿਤ ਕੀਤੇ ਗਏ ਸੱਤ ਉਮੀਦਵਾਰਾਂ ਵਿੱਚ ਹੁਸ਼ਿਆਰਪੁਰ ਤੋਂ ਰਕੇਸ਼ ਕੁਮਾਰ ਸੁਮਨ, ਫਿਰੋਜ਼ਪੁਰ ਤੋਂ ਸੁਰਿੰਦਰ ਕੰਬੋਜ, ਸੰਗਰੂਰ ਤੋਂ ਡਾਕਟਰ ਮੱਖਣ ਸਿੰਘ, ਪਟਿਆਲਾ ਤੋਂ ਜਗਜੀਤ ਸਿੰਘ ਛੜਬੜ, ਜਲੰਧਰ ਤੋਂ ਬਲਵਿੰਦਰ ਕੁਮਾਰ, ਫਰੀਦਕੋਟ ਤੋਂ ਗੁਰਬਖਸ਼ ਸਿੰਘ ਚੌਹਾਨ ਅਤੇ ਗੁਰਦਾਸਪੁਰ ਤੋਂ ਇੰਜੀਨੀਅਰ ਰਾਜ ਕੁਮਾਰ ਜਨੋਤਰਾ ਪ੍ਰਮੁੱਖ ਹਨ।

## ਚੀਨ ਦੇ ਸ਼ਹਿਰਾਂ 'ਚ ਜ਼ਮੀਨ ਕਿਉਂ ਧੱਸ ਰਹੀ, ਰਿਪੋਰਟ 'ਚ ਖੁਲਾਸਾ



**ਬੀਜਿੰਗ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਜਿੰਗ ਸਮੇਤ ਚੀਨ ਦੇ ਅੱਧੇ ਵੱਡੇ ਸ਼ਹਿਰ ਧਰਤੀ 'ਚ ਧੱਸ ਰਹੇ ਹਨ। ਜ਼ਮੀਨ ਖਿਸਕਣ ਦੀ ਸਮੱਸਿਆ ਚੀਨ ਦੇ ਪੂਰਬੀ ਹਿੱਸੇ ਅਤੇ ਤੱਟਾਂ ਨਾਲ ਲੱਗਦੇ ਸ਼ਹਿਰਾਂ ਵਿੱਚ ਜ਼ਿਆਦਾ ਦੇਖਣ ਨੂੰ ਮਿਲ ਰਹੀ ਹੈ। ਸਾਇੰਸ ਜਰਨਲ ਦੀ ਇੱਕ ਰਿਪੋਰਟ ਵਿੱਚ ਖੁਲਾਸਾ ਹੋਇਆ ਹੈ ਕਿ ਅਗਲੇ 100 ਸਾਲਾਂ ਵਿੱਚ ਭਾਵ 2120 ਤੱਕ ਚੀਨ ਦੀ ਤੱਟਵਰਤੀ ਆਬਾਦੀ ਦਾ ਲਗਭਗ 10%, ਜਿਸ ਵਿੱਚ ਚੀਨ ਦੇ 5.5 ਤੋਂ 12.8 ਲੋਕ ਸ਼ਾਮਲ ਹਨ, ਪ੍ਰਭਾਵਿਤ ਹੋ ਸਕਦੇ ਹਨ। ਖੋਜ ਤੋਂ ਪਤਾ ਲੱਗਾ ਹੈ ਕਿ 82 ਸ਼ਹਿਰਾਂ ਦੀ ਅੱਧੀ ਜ਼ਮੀਨ ਧੱਸ ਰਹੀ ਹੈ। ਇਹ ਗੱਲ ਸਾਇੰਸ ਜਰਨਲ ਵਿੱਚ ਪ੍ਰਕਾਸ਼ਿਤ ਖੋਜ ਵਿੱਚ ਸਾਹਮਣੇ ਆਈ ਹੈ। ਖੋਜਕਾਰਾਂ ਮੁਤਾਬਕ ਚੀਨ ਦੇ ਅੱਧੇ ਤੋਂ ਵੱਧ ਸ਼ਹਿਰ ਹੇਠਾਂ ਧੱਸ ਰਹੇ ਹਨ। ਉਨ੍ਹਾਂ ਅਨੁਸਾਰ ਅਜਿਹਾ ਧਰਤੀ ਹੇਠੋਂ ਕੱਢੇ ਜਾ ਰਹੇ ਪਾਣੀ ਅਤੇ ਸ਼ਹਿਰਾਂ 'ਤੇ ਤੇਜ਼ੀ ਨਾਲ ਵੱਧ ਰਹੇ ਬੋਝ ਕਾਰਨ ਹੋ ਰਿਹਾ ਹੈ। ਕੁਝ ਸ਼ਹਿਰਾਂ ਵਿੱਚ ਜ਼ਮੀਨ ਬਹੁਤ ਤੇਜ਼ੀ ਨਾਲ ਧੱਸ ਰਹੀ ਹੈ, ਜਦੋਂ ਕਿ ਛੇ ਵਿੱਚੋਂ ਇੱਕ ਸ਼ਹਿਰ ਵਿੱਚ ਹਰ ਸਾਲ ਲਗਭਗ 10 ਮਿਲੀਮੀਟਰ ਦੀ ਦਰ ਨਾਲ ਜ਼ਮੀਨ ਹੇਠਾਂ ਧੱਸ ਰਹੀ ਹੈ। ਖੋਜਕਰਤਾਵਾਂ ਦਾ ਮੰਨਣਾ ਹੈ ਕਿ ਪਿਛਲੇ ਕੁਝ ਦਹਾਕਿਆਂ 'ਚ ਚੀਨ 'ਚ ਤੇਜ਼ੀ ਨਾਲ ਸ਼ਹਿਰੀਕਰਨ ਹੋਇਆ ਹੈ, ਜਿਸ ਕਾਰਨ ਕੁਝ ਖੇਤਰਾਂ 'ਚੋਂ ਧਰਤੀ ਹੇਠਲੇ ਪਾਣੀ ਨੂੰ ਜ਼ਿਆਦਾ ਕੱਢਿਆ ਜਾ ਰਿਹਾ ਹੈ। ਦੂਜੇ ਪਾਸੇ ਤੱਟਵਰਤੀ ਸ਼ਹਿਰਾਂ ਵਿੱਚ ਪਾਣੀ ਦਾ ਪੱਧਰ ਵਧਣ ਕਾਰਨ ਲੱਖਾਂ ਲੋਕਾਂ ਨੂੰ ਹੜ੍ਹ ਦਾ ਖ਼ਤਰਾ ਹੈ ਇਹ ਸਮੱਸਿਆ ਸਿਰਫ਼ ਚੀਨ ਲਈ ਨਹੀਂ ਹੈ, ਬਲਕਿ ਹਿਊਸਟਨ, ਮੈਕਸੀਕੋ ਸਿਟੀ ਅਤੇ ਦਿੱਲੀ ਸਮੇਤ ਦੁਨੀਆ ਭਰ ਦੇ ਕਈ ਪ੍ਰਮੁੱਖ ਸ਼ਹਿਰੀ ਖੇਤਰਾਂ ਵਿੱਚ ਪਹਿਲਾਂ ਹੀ ਦੇਖੀ ਜਾ ਚੁੱਕੀ ਹੈ। 1,600 ਖੂਹਾਂ ਦੀ ਨਿਗਰਾਨੀ ਕਰਕੇ, ਖੋਜਕਰਤਾਵਾਂ ਦੀ ਇੱਕ ਟੀਮ ਨੇ ਪਾਇਆ ਹੈ ਕਿ ਪਾਣੀ ਕੱਢਣ ਕਾਰਨ ਜ਼ਮੀਨ ਧੱਸ ਰਹੀ ਹੈ। ਖੋਜਕਰਤਾਵਾਂ ਦਾ ਕਹਿਣਾ ਹੈ ਕਿ ਜਲਵਾਯੂ ਤਬਦੀਲੀ ਕਾਰਨ ਵੱਡੀ ਸ਼ਹਿਰੀ ਆਬਾਦੀ ਨੂੰ ਹੜ੍ਹਾਂ ਦਾ ਖ਼ਤਰਾ ਹੈ। ਉਨ੍ਹਾਂ ਅਨੁਸਾਰ ਇਹੀ ਕਾਰਨ ਹੈ ਕਿ ਸਮੁੰਦਰ ਦਾ ਪਾਣੀ ਤੇਜ਼ੀ ਨਾਲ ਵੱਧ ਰਿਹਾ ਹੈ ਅਤੇ ਜ਼ਮੀਨ ਵੀ ਡੁੱਬ ਰਹੀ ਹੈ। ਜਿਸ ਨਾਲ ਭਵਿੱਖ ਵਿੱਚ ਵੱਡੀ ਸ਼ਹਿਰੀ ਆਬਾਦੀ ਲਈ ਹੜ੍ਹ ਦੀ ਸਮੱਸਿਆ ਪੈਦਾ ਹੋ ਸਕਦੀ ਹੈ।

## ਵਿਦੇਸ਼ਾਂ 'ਚ ਵੱਡਾ ਖੁਲਾਸਾ, ਭਾਰਤ ਦੀਆਂ 527 ਚੀਜ਼ਾਂ 'ਚ ਮਿਲਿਆ ਕੈਂਸਰ ਵਾਲਾ ਕੈਮੀਕਲ, ਡ੍ਰਾਈ ਫਰੂਟ ਵੀ ਨਹੀਂ ਸੇਫ਼

**ਨਵੀਂ ਦਿੱਲੀ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੀ ਭਾਰਤੀ ਵਸਤੂਆਂ ਸਿਹਤ ਦੇ ਨਜ਼ਰੀਏ ਤੋਂ ਸੁਰੱਖਿਅਤ ਨਹੀਂ ਹਨ? ਯੂਰਪੀਅਨ ਯੂਨੀਅਨ (ਈਯੂ) ਦੀ ਰਿਪੋਰਟ ਦੇ ਅਨੁਸਾਰ, ਇਹ ਕਾਫ਼ੀ ਹੱਦ ਤੱਕ ਸੱਚ ਹੈ। ਡੇਕਨ ਹੇਰਾਲਡ ਵਿੱਚ ਪ੍ਰਕਾਸ਼ਿਤ ਇੱਕ ਖਬਰ ਦੇ ਅਨੁਸਾਰ, ਯੂਰਪੀਅਨ ਫੂਡ ਸੇਫਟੀ ਅਥਾਰਟੀ ਨੇ ਸਤੰਬਰ 2020 ਤੋਂ ਅਪ੍ਰੈਲ 2024 ਤੱਕ ਭਾਰਤ ਤੋਂ ਆਉਣ ਵਾਲੇ 527 ਭੋਜਨ ਪਦਾਰਥਾਂ ਵਿੱਚ ਕੈਂਸਰ ਨਾਲ ਸਬੰਧਤ ਰਸਾਇਣ ਪਾਏ ਹਨ। ਇਨ੍ਹਾਂ ਵਿੱਚੋਂ 332 ਅਜਿਹੀਆਂ ਚੀਜ਼ਾਂ ਹਨ ਜੋ ਭਾਰਤ ਵਿੱਚ ਬਣੀਆਂ ਹਨ। ਇਸ ਕੈਮੀਕਲ ਦਾ ਨਾਮ ਉਹੀ ਹੈ ਜੋ ਐਵਰੈਸਟ ਅਤੇ $48 ਯਾਨੀ ਈਥਲੀਨ ਆਕਸਾਈਡ ਦੇ ਮਸਾਲਿਆਂ ਵਿੱਚ ਪਾਇਆ ਗਿਆ ਸੀ। ਜਿਨ੍ਹਾਂ ਚੀਜ਼ਾਂ ਵਿੱਚ ਐਥੀਲੀਨ ਆਕਸਾਈਡ ਪਾਇਆ ਜਾਂਦਾ ਹੈ, ਉਨ੍ਹਾਂ ਵਿੱਚ ਡ੍ਰਾਈ ਫਰੂਟ ਅਤੇ ਬੀਜ ਪਹਿਲੇ ਸਥਾਨ 'ਤੇ ਹਨ। ਇਹ ਰਸਾਇਣ ਸੁੱਕੇ ਮੇਵੇ ਅਤੇ ਬੀਜਾਂ ਨਾਲ ਸਬੰਧਤ 313 ਵਸਤੂਆਂ ਵਿੱਚ ਪਾਇਆ ਗਿਆ। ਇਸ ਤੋਂ ਬਾਅਦ ਜੜੀ-ਬੂਟੀਆਂ ਅਤੇ ਮਸਾਲਿਆਂ ਨਾਲ ਸਬੰਧਤ 60 ਵਸਤੂਆਂ, ਖੁਰਾਕ ਨਾਲ ਸਬੰਧਤ 48 ਖੁਰਾਕੀ ਵਸਤਾਂ ਅਤੇ 34 ਹੋਰ ਖਾਣ-ਪੀਣ ਵਾਲੀਆਂ ਵਸਤੂਆਂ ਵਿੱਚ ਇਹ ਕੈਮੀਕਲ ਪਾਇਆ ਗਿਆ। ਅਥਾਰਟੀ ਮੁਤਾਬਕ ਸਰਹੱਦ 'ਤੇ ਹੀ 87 ਖੇਪਾਂ ਨੂੰ ਰੱਦ ਕਰ ਦਿੱਤਾ ਗਿਆ। ਹਾਲਾਂਕਿ ਬਾਕੀ ਸਾਮਾਨ ਬਾਜ਼ਾਰ 'ਚ ਪਹੁੰਚ ਗਿਆ ਸੀ ਪਰ ਬਾਅਦ 'ਚ ਇਨ੍ਹਾਂ ਨੂੰ ਬਾਜ਼ਾਰ 'ਚੋਂ ਕੱਢ ਦਿੱਤਾ ਗਿਆ। ਈਥੀਲੀਨ ਆਕਸਾਈਡ ਇੱਕ ਕੀਟਨਾਸ਼ਕ ਹੈ ਜੋ ਖੇਤੀਬਾੜੀ ਵਿੱਚ ਕੀੜਿਆਂ ਨੂੰ ਮਾਰਨ ਲਈ ਵਰਤਿਆ ਜਾਂਦਾ ਹੈ। ਇਸ ਤੋਂ ਇਲਾਵਾ, ਇਹ ਇੱਕ ਨਿਰਜੀਵ ਏਜੰਟ ਵਜੋਂ ਵੀ ਕੰਮ ਕਰਦਾ ਹੈ। ਖਾਣ-ਪੀਣ ਦੀਆਂ ਵਸਤੂਆਂ ਵਿੱਚ ਮਿਲਾਵਟ ਕਰਨ 'ਤੇ ਪਾਬੰਦੀ ਲਗਾਈ ਗਈ ਹੈ। ਇਸ ਦਾ ਮੁੱਖ ਕੰਮ ਮੈਡੀਕਲ ਉਪਕਰਨਾਂ ਨੂੰ ਨਿਰਜੀਵ ਕਰਨਾ ਹੈ। ਨਾਲ ਹੀ, ਇਸ ਦੀ ਵਰਤੋਂ ਸੀਮਤ ਮਾਤਰਾ ਵਿੱਚ ਹੀ ਮਸਾਲਿਆਂ ਵਿੱਚ ਕੀਤੀ ਜਾ ਸਕਦੀ ਹੈ। ਐਥੀਲੀਨ ਆਕਸਾਈਡ ਦਾ ਜ਼ਿਆਦਾ ਸੇਵਨ ਪੇਟ ਅਤੇ ਛਾਤੀ ਦੇ ਕੈਂਸਰ ਦਾ ਖ਼ਤਰਾ ਵਧਾਉਂਦਾ ਹੈ। ਜੇਕਰ ਇਥੀਲੀਨ ਆਕਸਾਈਡ ਦਾ ਲੰਬੇ ਸਮੇਂ ਤੱਕ ਕਿਸੇ ਵੀ ਰੂਪ 'ਚ ਸੇਵਨ ਕੀਤਾ ਜਾਵੇ ਤਾਂ ਪੇਟ ਦੀ ਇਨਫੈਕਸ਼ਨ, ਪੇਟ ਦਾ ਕੈਂਸਰ ਅਤੇ ਹੋਰ ਬੀਮਾਰੀਆਂ ਹੋਣ ਦਾ ਖਤਰਾ ਰਹਿੰਦਾ ਹੈ। ਇਹ ਡੀਐਨਏ, ਦਿਮਾਗ ਅਤੇ ਦਿਮਾਗੀ ਪ੍ਰਣਾਲੀ ਨੂੰ ਵੀ ਨੁਕਸਾਨ ਪਹੁੰਚਾ ਸਕਦਾ ਹੈ। ਅਮਰੀਕਨ ਨੈਸ਼ਨਲ ਕੈਂਸਰ ਇੰਸਟੀਚਿਊਟ ਮੁਤਾਬਕ ਇਸ ਦੀ ਵਰਤੋਂ ਨਾਲ ਲਿਮਫੋਮਾ ਅਤੇ ਲਿਊਕੇਮੀਆ ਵਰਗੀਆਂ ਬੀਮਾਰੀਆਂ ਵੀ ਹੋ ਸਕਦੀਆਂ ਹਨ।




ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS

100% VEGETARIAN
PURE AND NATURAL

Enjoy Real Taste of PUNJAB

KD
FULLY A.C. HALL
**Khehra VAISHNO DHABA**
BREAKFAST
LUNCH
DINNER

OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



## ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

www.damdamitaksal.net

ਮੁਕਤਾ
ਾ ਕੰਨਾ
ਿ ਸਿਹਾਰੀ
ੀ ਬਿਹਾਰੀ
ੁ ਔਂਕੜ
ੂ ਦੁਲੈਂਕੜ
ੇ ਲਾਂ
ੈ ਦੁਲਾਵਾਂ
ੋ ਹੋੜਾ
ੌ ਕਨੌੜਾ
ੰ ਟਿੱਪੀ
ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
❖ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM
International Newspaper & WEB TV

### INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

### 8 EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

### AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

### MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਮੰਜ਼ੂਰੀ ਵਿਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਰਦਾਸ ਬੇਨਤੀਆਂ ਕਰਕੇ ਜਗ੍ਹਾ ਦੀ ਭਾਲ ਕਰ ਰਹੇ ਸੀ ਸੋ ਇਹ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿਚ ਮਦਦ ਲਈ ਖੇਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਗੁਰੂ ਦੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਦੇਣ ਅਤੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪ੍ਰਤੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# 6 ਜੂਨ 1984 ਦੇ 40ਵੇਂ ਘੱਲੂਘਾਰੇ ਨੂੰ ਸਮਰਪਿਤ 40 ਦਿਨ ਵਾਹਿਗੁਰੂ ਸਿਮਰਨ

**ਜੂਨ 1984 ਦੇ ਸਮੂਹ ਸ਼ਹੀਦ ਕੀਤੇ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹੀਦੀਆਂ ਨੂੰ ਸਮਰਪਿਤ 40 ਦਿਨ ਨਾਮ ਸਿਮਰਨ ਕਰਵਾਇਆ ਜਾ ਰਿਹਾ ਹੈ**

• 27 ਅਪ੍ਰੈਲ ਸ਼ਨਿੱਚਰਵਾਰ ਸ਼ਾਮ 5 ਵਜੇ ਪਹਿਲੇ ਦਿਨ ਦੀ ਵਾਹਿਗੁਰੂ ਸਿਮਰਨ ਦੀ ਆਰੰਭਤਾ ਹੋਵੇਗੀ • 8 ਜੂਨ 2024 ਸ਼ਨਿੱਚਰਵਾਰ ਸ਼ਾਮ 6 ਵਜੇ ਨੂੰ ਸਮਾਪਤੀ ਹੋਵੇਗੀ

ਸਮੇਂ ਦਾ ਵੇਰਵਾ : ਹਰ ਸ਼ਨਿੱਚਰਵਾਰ ਸ਼ਾਮ 5 ਤੋਂ 6 ਵਜ਼ੇ ਤੱਕ ਬਾਕੀ ਸਾਰੇ ਦਿਨ ਹਰ ਰੋਜ ਸ਼ਾਮ 7 ਵਜੇ ਆਰੰਭਤਾ 8 ਵਜੇ ਵਾਹਿਗੁਰੂ ਸਿਮਰਨ ਦੀ ਸਮਾਪਤੀ ਹੋਵੇਗੀ।

**ਵੱਧ ਤੋਂ ਵੱਧ ਸ਼ੇਅਰ ਜ਼ਰੂਰੀ ਕਰਨਾ ਜੀ**

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

**★ ਗੁਰੂ ਪੰਥ ਦੇ ਦਾਸਰੇ ★**

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਪੁਰਬ

ਗੁਰਿਆਈ ਗੱਦੀ ਧੰਨ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਅਤੇ ਜੋਤੀ ਜੋਤ ਧੰਨ ਸ਼੍ਰੀ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ।




ਸ਼ਨਿੱਚਰਵਾਰ 27 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ

ਐਤਵਾਰ 28 ਅਪ੍ਰੈਲ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਇਸ ਗੁਰ ਪੁਰਬ ਦੀਆਂ ਸੇਵਾਵਾਂ ਭਾਈ ਭੁਪਿੰਦਰ ਸਿੰਘ ਰੋਮਾਨੋਗੋ ਦੇ ਉਪਰਾਲੇ ਸਦਕਾ ਸਮੂਹ ਸਿੱਖ ਸੰਗਤਾਂ ਵੱਲੋਂ ਸੇਵਾਵਾਂ ਨਿਭਾਈਆ ਜਾਣਗੀਆਂ।

ਕਥਾ ਵਾਚਕ ਭਾਈ ਰਜਿੰਦਰ ਸਿੰਘ ਨਾਨਕਸਰ ਵਾਲੇ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

# ਦਮਦਮੀ ਟਕਸਾਲ ਦੇ ਵਿਦਿਆਰਥੀਆਂ ਵੱਲੋਂ ਦਮਦਮੀ ਟਕਸਾਲ ਦੇ 12ਵੇਂ ਜਥੇਦਾਰ ਸ੍ਰੀ ਮਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ ਨੂੰ ਸ਼ਰਧਾਂਜਲੀਆਂ ਭੇਟ




ਦਮਦਮੀ ਟਕਸਾਲ ਦੇ 12ਵੇਂ ਜਥੇਦਾਰ ਸ੍ਰੀ ਮਾਨ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਵਿਦਿਆਰਥੀ ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਦਮਦਮੀ ਟਕਸਾਲ ਦੇ ਵਿਦਿਆਰਥੀ। ਗਿਆਨੀ ਜੋਗਿੰਦਰ ਸਿੰਘ ਜੀ, ਭਾਈ ਮਹਿਤਾਬ ਸਿੰਘ ਜੀ, ਗਿਆਨੀ ਸੋਹਣ ਸਿੰਘ ਜੀ, ਗਿਆਨੀ ਸੁਖਰਾਜ ਸਿੰਘ ਜੀ, ਗਿਆਨੀ ਸਤਨਾਮ ਸਿੰਘ ਜੀ, ਭਾਈ ਗੁਰਰਾਜ ਸਿੰਘ ਜੀ, ਰਾਗੀ ਗੁਰਜੀਤ ਸਿੰਘ ਜੀ, ਭਾਈ ਬਲਦੇਵ ਸਿੰਘ ਜੀ, ਭਾਈ ਸਰਬਜੀਤ ਸਿੰਘ ਜੀ, ਭਾਈ ਨਰਿੰਦਰ ਸਿੰਘ ਜੀ, ਭਾਈ ਸੁਖਬੀਰ ਸਿੰਘ ਜੀ ਅਤੇ ਭਾਈ ਰਿੱਕੀ ਸਿੰਘ ਜੀ।


ਆਵਾਜ਼ਿ ਕੌਮ
AWAZE QAUM
International Newspaper & WEB TV
SHIROMANI PANTH AKAALI BUDHA DAL FAUJ UK
UNDER THE GUIDANCE OF AKAALI BABA MAAN SINGH JI 96 CRORI
Mahant Giani Tarlochan Singh Ji
HEAD GRANTHI MISL
SHAHEEDAN TARNA DAL SRI
BABA BAKALA SAHIB
UK TOUR 2024
ARRIVING 30 APRIL
AT MANCHESTER AIRPORT
TIME: 12PM
FOR FURTHER INFORMATION
CONTACT 07789616665 /
07888371623 / 07748380389
AMRIT SANCHAAR
BY PANJ PYAARE FROM BUDHA DAL AND TARNA DAL
SATURDAY 4 MAY 2024
SRI GURU SINGH SABHA GURDWARA
32 DERBY ST, CHEETHAM HILL,
MANCHESTER M8 8RY
• ARRIVE AT 10AM
• BUDHA DAL LICENCE PROVIDED ON THE DAY
• KESI ISHNAN MUST BE DONE

### ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨ ਟਰੱਸਟ ਚੈਰਿਟੀ ਲਈ

# ਜਗਜੀਤ ਸਿੰਘ ਹਰਦੋਫਰਾਲਾ ਨੇ ਮੈਰਾਥਨ ਦੌੜ ਕੇ ਇਕੱਤਰ ਕੀਤੇ ਸਾਢੇ ਸੱਤ ਲੱਖ ਰੁਪਏ





**ਲੰਡਨ, 25 ਅਪ੍ਰੈਲ (ਸਰਬਜੀਤ ਸਿੰਘ ਬਨੂੜ)**-ਲੰਡਨ ਮੈਰਾਥਨ ਵਿੱਚ ਸਿੱਖ ਮੈਰਾਥਨ ਦੌੜਾਕ 'ਤੇ ਕੌਂਸਲਰ ਜਗਜੀਤ ਸਿੰਘ ਹਰਦੋਫਰਾਲਾ ਨੇ ਆਪਣੀ 530ਵੀਂ ਮੈਰਾਥਨ ਦੌੜ ਵਿੱਚ ਹਿੱਸਾ ਲੈ ਕੇ ਨਵਾਂ ਰਿਕਾਰਡ ਬਣਾਇਆ ਹੈ। ਲੰਡਨ ਮੈਰਾਥਨ ਵਿੱਚ 50 ਹਜ਼ਾਰ ਤੋਂ ਵੱਧ ਦੌੜਾਕਾਂ ਨੇ ਹਿੱਸਾ ਲਿਆ ਤੇ 10 ਲੱਖ ਦੇ ਕਰੀਬ ਲੋਕਾਂ ਨੇ ਵੱਖ ਵੱਖ ਥਾਵਾਂ ਤੇ ਖੜ ਕੇ ਦੌੜਾਕਾਂ ਦੀ ਹੌਸਲਾ ਅਫਜਾਈ ਕੀਤੀ ਗਈ। ਜਿਲਾ ਜਲੰਧਰ ਦੇ ਜੰਮਪਲ ਸਿੱਖ ਐਥਲੈਟਿਕ ਕੌਂਸਲਰ ਜਗਜੀਤ ਸਿੰਘ ਨੇ ਆਪਣੀ ਪਤਨੀ ਕੁਲਵੀਰ ਕੌਰ ਅਤੇ ਪੁੱਤਰ ਗੁਰਸੇਵਕ ਸਿੰਘ ਨਾਲ 42 ਕਿਲੋਮੀਟਰ ਦੌੜ ਕੇ ਲੰਡਨ ਮੈਰਾਥਨ ਪੂਰੀ ਕਰਕੇ, ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨ ਟਰੱਸਟ ਚੈਰਿਟੀ ਲਈ £7429 ਪੌਂਡ ( ਸਾਢੇ ਸੱਤ ਲੱਖ ਰੁਪਏ) ਇਕੱਠੇ ਕੀਤੇ ਗਏ। ਇਹ ਮੈਰਾਥਨ ਗਰੀਨਚ ਪਾਰਕ ਤੋਂ ਸ਼ੁਰੂ ਹੋ ਕੇ ਬਕਿੰਘਮ ਪੈਲਸ ਨਜ਼ਦੀਕ ਸਮਾਪਤ ਹੋਈ। ਇਸ ਮੌਕੇ ਜਗ ਬਾਣੀ ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਕੌਂਸਲਰ ਜਗਜੀਤ ਸਿੰਘ ਨੇ ਕਿਹਾ ਕਿ ਇਹ ਸ਼ਾਨਦਾਰ ਪਰਿਵਾਰਕ ਮੈਰਾਥਨ ਦੌੜ ਸੀ ਤੇ ਲੰਡਨ ਦਾ ਮੌਸਮ ਦੌੜਨ ਲਈ ਬੜਾ ਅਨੁਕੂਲ ਸੀ। ਇਹ ਮੇਰੀ ਮਨਪਸੰਦ ਮੈਰਾਥਨ ਹੈ। ਉਨ੍ਹਾਂ ਕਿਹਾ ਕਿ ਇਕੱਤਰ ਸਾਰਾ ਰੁਪਈਆ ਗੁਰੂ ਨਾਨਕ ਇੰਟਰਨੈਸ਼ਨਲ ਐਜੂਕੇਸ਼ਨ ਟਰੱਸਟ ਚੈਰਿਟੀ ਜਿਲਾ ਹੁਸ਼ਿਆਰਪੁਰ ਲਈ ਹੈ ਜੋ ਸਿਕਲੀਗਰ ਪਰਿਵਾਰਾਂ ਦੇ 400 ਦੇ ਕਰੀਬ ਬੱਚਿਆਂ ਲਈ ਮੁਫ਼ਤ ਪੜਾਈ, ਵਰਦੀਆਂ ਅਤੇ ਖਾਣ ਵਾਸਤੇ ਜ਼ਰੂਰੀ ਵਸਤਾਂ ਉਪਲੱਬਧ ਕਰਵਾਏਗੀ। ਇਸ ਮੌਕੇ ਜਗਜੀਤ ਸਿੰਘ ਨਾਲ ਚੈਰਟੀ ਦੇ ਸੰਚਾਲਕ ਤੇ ਉੱਘੇ ਬਿਜ਼ਨੈਸਮੈਂਨ ਸ ਜਗਜੀਤ ਸਿੰਘ ਗਰੇਵਾਲ ਤੇ ਸ ਰਣਜੀਤ ਸਿੰਘ ਨਾਲ ਸਨ। ਕੌਂਸਲਰ ਜਗਜੀਤ ਸਿੰਘ ਹਰਦੋਫਰਾਲਾ ਹਲਿੰਗਡਨ ਬਾਰੋ ਵਿੱਚ 2014 ਤੋਂ ਲਗਾਤਾਰ ਕੌਂਸਲਰ ਹਨ ਤੇ ਏਅਰ ਲਾਇਨ ਡਨਾਟਾ ਕੈਟਰਿੰਗ ਵਿੱਚ ਉੱਚ ਅਹੁਦੇ ਤੇ ਕੰਮ ਕਰਦੇ ਹਨ।

**ਹਰਦੋਫਰਾਲਾ ਨੇ 530ਵੀਂ ਮੈਰਾਥਨ ਦੌੜ ਬਣਾਇਆ ਨਵਾਂ ਰਿਕਾਰਡ**

### ਬਾਦਲਕੇ, ਭਾਜਪਾਈ ਤੇ ਕਾਂਗਰਸੀ ਹੁਣ

# ਮਝੈਲਾਂ ਨੂੰ ਜਿਆਦਾ ਦੇਰ ਮੂਰਖ ਨਹੀਂ ਬਣਾ ਸਕਦੇ : ਈਮਾਨ ਸਿੰਘ ਮਾਨ



**ਅੰਮ੍ਰਿਤਸਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਉਮੀਦਵਾਰ ਸ੍ਰ ਈਮਾਨ ਸਿੰਘ ਮਾਨ ਨੇ ਆਪਣੇਂ ਸਾਥੀਆਂ ਸਮੇਤ ਮੀਰਾਂਕੋਟ ਵਿਖੇ ਰਹਿੰਦੇ ਸ੍ਰ ਨਿਰਮਲ ਸਿੰਘ ਦੇ ਗ੍ਰਹਿ ਵਿਖੇ ਰੱਖੀ ਗਈ ਇਕ ਆਪਸੀ ਮਿਲਣੀਂ ਵਿੱਚ ਹਾਜਰੀ ਭਰੀ। ਇਸ ਦੌਰਾਨ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਮਾਨ ਦੇ ਨਾਲ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ, ਸ੍ਰ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਦਵਿੰਦਰ ਸਿੰਘ ਫ਼ਤਾਹਪੁਰ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ, ਸ੍ਰ ਕੁਲਵੰਤ ਸਿੰਘ ਜੀ ਕੋਟਲਾ ਗੁੱਜਰਾਂ ਪ੍ਰਧਾਨ ਮਜੀਠਾ, ਸ੍ਰ ਬਲਵਿੰਦਰ ਸਿੰਘ ਜੀ ਕਾਲਾ, ਸ੍ਰ ਸ਼ਮਸ਼ੇਰ ਸਿੰਘ ਜੀ ਪੱਧਰੀ ਜਿਲਾ ਪ੍ਰੈਸ ਸਕੱਤਰ ਮੌਜੂਦ ਸਨ ਅਤੇ ਪਿੰਡ ਵਾਸੀਆਂ ਵਿੱਚੋਂ ਵਿਸ਼ੇਸ਼ ਤੌਰ ਤੇ ਸ੍ਰ ਸੁਰਜੀਤ ਸਿੰਘ ਕਾਲਾ ਅਫਗਾਨਾ ਸਾਬਕਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਸ੍ਰ ਗੁਰਮੁੱਖ ਸਿੰਘ ਨੰਬਰਦਾਰ, ਸ੍ਰ ਹਰਜਿੰਦਰ ਸਿੰਘ, ਸ੍ਰ ਬਲਵਿੰਦਰ ਸਿੰਘ, ਸ੍ਰ ਲਖਬੀਰ ਸਿੰਘ, ਸ੍ਰ ਨਿਰਮਲ ਸਿੰਘ, ਸ੍ਰ ਜਸਪਾਲ ਸਿੰਘ ਪੰਚ, ਸ੍ਰ ਬਿਕਰਮਜੀਤ ਸਿੰਘ, ਸ੍ਰ ਜਗਦੀਸ਼ ਸਿੰਘ ਬਲਬੀਰ ਸਿੰਘ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਸਰਬਜੀਤ ਸਿੰਘ, ਸ੍ਰ ਧਰਮਿੰਦਰ ਸਿੰਘ ਜੀ, ਸ੍ਰ ਜਗਰੂਪ ਸਿੰਘ, ਸ੍ਰ ਬਚਿੱਤਰ ਸਿੰਘ ਅਤੇ ਸ੍ਰ ਮੇਜਰ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਜਿੱਥੇ ਈਮਾਨ ਸਿੰਘ ਜੀ ਮਾਨ ਨੇ ਸ਼ਹੀਦਾਂ ਸਿੰਘਾਂ ਦੀ ਧਰਤੀ ਮੀਰਾਂਕੋਟ ਵਿਖੇ ਆਉਣ ਤੇ ਮਾਣ ਮਹਿਸੂਸ ਕੀਤਾ ਉਥੇ ਹੀ ਪਿੰਡ ਵਾਸੀਆਂ ਨੇ ਸਿੱਖਾਂ ਦੇ ਬਜੁਰਗ ਜਰਨੈਲ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨਾਲ ਚੱਲਣ ਦਾ ਅਹਿਦ ਵੀ ਕੀਤਾ। ਇਸ ਮੌਕੇ ਤੇ ਸ੍ਰ ਈਮਾਨ ਸਿੰਘ ਮਾਨ ਨੇ ਬੋਲਦਿਆਂ ਹੋਇਆਂ ਕਿਹਾ ਕਿ ਚੋਣ ਪ੍ਰਚਾਰ ਦੌਰਾਨ ਮੈਨੂੰ ਜਿੱਥੇ ਵੀ ਜਾਣ ਦਾ ਮੌਕਾ ਮਿਲ ਰਿਹਾ ਹੈ ਉਥੇ ਉਥੇ ਲੋਕ ਆਪ ਮਹੂਰੇ ਹੋਕੇ ਸ੍ਰ ਸਿਮਰਨਜੀਤ ਸਿੰਘ ਜੀ ਮਾਨ ਦੀ ਪਾਰਟੀ ਨਾਲ ਜੁੜ ਰਹੇ ਹਨ ਜਿਸ ਦਾ ਮੁੱਖ ਕਾਰਨ ਇਹ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਵਿੱਚ ਰਾਜ ਸੱਤਾ ਮਾਣ ਚੁੱਕੀਆਂ ਪਾਰਟੀਆਂ ਨੂੰ ਨੁਮਾਇੰਦਗੀ ਦੇਕੇ ਵੇਖ ਚੁੱਕੇ ਹਨ ਜਿੰਨਾਂ ਨੇ ਸਿਵਾਏ ਫੋਕੇ ਸਬਜ਼ਬਾਗਾਂ ਤੋਂ ਇਲਾਵਾ ਇਸ ਧਾਰਮਿਕ ਪਿਛੋਕੜ ਵਾਲੇ ਸਭ ਤੋਂ ਸਿਰਮੌਰ ਜਿਲੇ ਦੀ ਝੋਲੀ ਕੱਖ ਵੀ ਨਹੀਂ ਪਾਇਆ। ਉਹਨਾਂ ਕਿਹਾ ਚਾਹੇ ਇਸ ਸਰਹੱਦੀ ਇਲਾਕੇ ਵਿੱਚ ਵੱਖ-ਵੱਖ ਧਾਰਮਿਕ ਪਿਛੋਕੜ ਦੇ ਲੋਕ ਵਸਦੇ ਹਨ ਪਰ ਇਹ ਸਾਰੇ ਇੱਕ ਹਨ ਕਿਉਂਕਿ ਜਦੋਂ-ਜਦੋਂ ਵੀ ਕੋਈ ਸਰਹੱਦੀ ਖ਼ਤਰਾ ਮੰਡਰਾਉਂਦਾ ਹੈ ਤਾਂ ਇਹਨਾਂ ਖੁਸ਼ਹਾਲੀ ਤੇ ਬਰਬਾਦੀ ਦੀ ਇਬਾਰਤ ਇਕੱਠਿਆ ਦੀ ਲਿਖੀ ਜਾਂਦੀ ਹੈ। ਸੋ ਇਸ ਇਲਾਕੇ ਨੂੰ ਇਥੋਂ ਦੀਆਂ ਜਰੂਰਤਾਂ ਮੁਤਾਬਕ ਕੇਂਦਰ ਸਰਕਾਰ ਤੋਂ ਵੱਖਰੇ ਪੈਕੇਜ ਮਿਲਣੇ ਚਾਹੀਦੇ ਹਨ ਪਰ ਅਜੇ ਤੱਕ ਕੋਈ ਵੀ ਸਾਂਸਦ ਅਜਿਹਾ ਕੋਈ ਪੈਕੇਜ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਲੈਕੇ ਨਹੀਂ ਆਇਆ ਜੋ ਇਸ ਇਲਾਕੇ ਤਰੱਕੀ ਤੇ ਬਿਹਤਰੀ ਲਈ ਕਾਰਗਰ ਸਿੱਧ ਹੋਇਆ ਹੋਵੇ, ਉਹਨਾਂ ਪਿਛਲੇ ਸਾਂਸਦਾਂ ਤੇ ਤੰਜ਼ ਕਰਦਿਆਂ ਕਿਹਾ ਕਿ ਪਹਿਲੇ ਤੇ ਮੌਜੂਦਾ ਲੋਕ ਸਭਾ ਮੈਂਬਰ ਸਾਹਿਬਾਨ ਵੱਲੋਂ ਇਥੋਂ ਦੇ ਲੋਕਾਂ ਨੂੰ ਸਿਰਫ ਇਕ ਦੋ ਮੁੱਦਿਆਂ ਤੇ ਮਹਿਦੂਦ ਕਰਕੇ ਰਾਜਨੀਤੀ ਖੇਡੀ ਜਾਂਦੀ ਰਹੀ ਹੈ ਅਤੇ ਲੋਕਾਂ ਨੂੰ ਮੂਰਖ ਬਣਾਇਆ ਜਾਂਦਾ ਰਿਹਾ ਹੈ, ਪਰੰਤੂ ਹੁਣ ਇਥੋਂ ਲੋਕ ਇਹਨਾਂ ਦੀਆਂ ਲੂੰਬੜਚਾਲਾਂ ਨੂੰ ਸਮਝ ਚੁੱਕੇ ਹਨ। ਹੁਣ ਬਾਦਲਕੇ, ਭਾਜਪਾਈ ਅਤੇ ਕਾਂਗਰਸੀ ਜਿਆਦਾ ਦੇਰ ਮਝੈਲਾਂ ਨੂੰ ਮੂਰਖ ਨਹੀਂ ਬਣਾਂ ਸਕਣਗੇ। ਉਹਨਾਂ ਕਿਹਾ ਕਿ ਪਹਿਲਾਂ ਵਿਚਰੀਆਂ ਤਿੰਨਾਂ ਪਾਰਟੀਆਂ ਵਿੱਚੋਂ ਬੀ ਜੇ ਪੀ ਵੱਲੋਂ ਕਿਸਾਨਾਂ ਤੇ ਜੁਲਮ ਢਾਹੇ ਗਏ, ਬਾਦਲਕਿਆਂ ਨੇ ਰੱਜ ਕੇ ਚਿੱਟੇ ਦਾ ਵਪਾਰ ਕੀਤਾ ਤੇ ਕਾਂਗਰਸ ਨੇ ਨੌਜਵਾਨਾਂ ਦੇ ਝੂਠੇ ਮੁਕਾਬਲੇ ਬਣਾਂ-ਬਣਾਂ ਕੇ ਉਹਨਾਂ ਦਾ ਸ਼ਿਕਾਰ ਖੇਡਿਆ ਹੈ।



**ਬੀ ਜੇ ਪੀ ਨੇ ਕਿਸਾਨਾਂ ਤੇ ਜੁਲਮ ਢਾਹੇ, ਬਾਦਲਕੇ ਚਿੱਟੇ ਦੇ ਵਪਾਰੀ ਬਣ ਤੇ ਕਾਂਗਰਸ ਨੇ ਝੂਠੇ ਮੁਕਾਬਲੇ ਕਰ ਨੌਜਵਾਨੀ ਦਾ ਸ਼ਿਕਾਰ ਖੇਡਿਆ**

# ਰੈਲੀਆਂ, ਮੀਟਿੰਗਾਂ ਤੇ ਧਰਨੇ ਆਦਿ 'ਚ ਭੜਕਾਊ ਬਿਆਨਬਾਜ਼ੀ, ਨ਼ਫਰਤੀ ਭਾਸ਼ਣ ਦੇਣ 'ਤੇ ਰੋਕ



ਬਠਿੰਡਾ, 25 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਜ਼ਿਲ੍ਹਾ ਮੈਜਿਸਟ੍ਰੇਟ ਸ ਜਸਪ੍ਰੀਤ ਸਿੰਘ ਵਲੋਂ ਜਾਬਤਾ ਫ਼ੌਜਦਾਰੀ ਸੰਘਤਾ 1973 ਦਾ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ 'ਚ ਰੈਲੀਆਂ, ਮੀਟਿੰਗਾਂ ਅਤੇ ਧਰਨੇ ਆਦਿ ਵਿਚ ਹੋਣ ਵਾਲੀ ਹਰ ਪ੍ਰਕਾਰ ਦੀ ਭੜਕਾਊ ਬਿਆਨਬਾਜੀ/ਵਿਅਕਤੀ ਵਿਸ਼ੇਸ਼, ਧਰਮ, ਜਾਤ ਜਾਂ ਸਮਾਜ ਦੇ ਕਿਸੇ ਸਮੁਦਾਇ ਨੂੰ ਠੇਸ ਪਹੁੰਚਾਉਣ ਵਾਲੇ ਨ਼ਫਰਤੀ ਭਾਸ਼ਣ ਆਦਿ ਦੇਣ 'ਤੇ ਮੁਕੰਮਲ ਰੋਕ ਲਗਾਈ ਗਈ ਹੈ। ਹੁਕਮ ਜ਼ਿਲ੍ਹੇ ਅੰਦਰ ਅਮਨ-ਅਮਾਨ ਦੀ ਸਥਿਤੀ ਨੂੰ ਬਹਾਲ ਰੱਖਣ ਲਈ ਖਾਸ ਕਰਕੇ ਭੜਕਾਊ ਬਿਆਨਬਾਜੀ ਨੂੰ ਰੋਕਣ ਦੇ ਮੱਦੇਨਜ਼ਰ ਜਾਰੀ ਕੀਤੇ ਗਏ ਹਨ। ਹੁਕਮ ਜ਼ਿਲ੍ਹੇ ਅੰਦਰ 18 ਜੂਨ 2024 ਤੱਕ ਲਾਗੂ ਰਹੇਗਾ।

## ਹਰਪ੍ਰੀਤ ਸਿੰਘ ਵਡਾਲਾ ਗੁਰਸਿੱਖੀ ਦੇ ਪ੍ਰਚਾਰ ਕਰਨ ਲਈ 26 ਅਪਰੈਲ ਨੂੰ ਯੂ. ਕੇ. ਲਈ ਰਵਾਨਾ ਹੋਣਗੇ



**ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ** * ਸ਼੍ਰੋਮਣੀ ਗੁਰਦੁਆਰਾ ਧਰਮ ਪ੍ਰਚਾਰ ਕਮੇਟੀ ਦੇ ਪਰਚਾਕ ਅਤੇ ਸਿੱਖ ਪੰਥ ਦੇ ਮਹਾਨ ਕਥਾ ਵਾਚਕ ਸਤਿਕਾਰ ਯੋਗ ਗਿਆਨੀ ਹਰਪ੍ਰੀਤ ਸਿੰਘ ਵਡਾਲਾ ਗੁਰਸਿੱਖੀ ਦੇ ਪ੍ਰਚਾਰ ਕਰਨ ਲਈ 26 ਅਪਰੈਲ2024 ਤੋਂ 2 ਸਤੰਬਰ 2024 ਤੱਕ ਵਿਦੇਸ ਯੂ, ਕੇ ਨੂੰ ਜਾ ਰਹੇ ਹਨ। ਯੂ, ਕੇ ਦੀ ਧਰਤੀ ਉੱਤੇ ਥਾਂ ਥਾਂ ਤੇ ਸਮਾਗਮ ਉਲੀਕੇ ਗਏ ਹਨ। ਗਿਆਨੀ ਹਰਪ੍ਰੀਤ ਸਿੰਘ ਵਡਾਲਾ ਦਾ ਯੂ ਕੇ ਧਰਤੀ ਤੇ ਨਿੱਘਾ ਸੁਆਗਤ ਕੀਤਾ ਜਾਵੇਗਾ।

## ਜਨਤਾ ਹਸਪਤਾਲ ਵੱਲੋਂ ਮਹਿਲਾ ਸ਼ਸ਼ਕਤੀਕਰਣ ਦੇ ਸੰਬੰਧ ਵਿੱਚ ਸੈਮੀਨਾਰ ਕਰਵਾਇਆ ਗਿਆ



**ਚੌਕ ਮਹਿਤਾ, 25 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ )** - ਅੱਜ ਸਥਾਨਕ ਏਅਰਪੋਰਟ ਰੋਡ ਅੰਮ੍ਰਿਤਸਰ ਸਥਿਤ ਜਨਤਾ ਹਸਪਤਾਲ ਵੱਲੋਂ ਮਹਿਲਾ ਸ਼ਸ਼ਕਤੀਕਰਣ ਦੇ ਸੰਬੰਧ ਵਿੱਚ ਇਕ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ।ਜਿਸ ਵਿੱਚ ਜਨਤਾ ਹਸਪਤਾਲ ਦੇ ਮੈਨੇਜਿੰਗ ਡਾਇਰੈਕਟਰ ਡਾ.ਮੰਨਣ ਅਨੰਦ, ਮੈਡੀਕਲ ਡਾਇਰੈਕਟਰ ਡਾ.ਮੈਕਸੀਮਾ ਅਨੰਦ, ਐਡਮਿਨਸਟਰੇਟਰ ਡਾ.ਗੁਰਮੀਤ ਸਿੰਘ ਚਾਹਲ, ਡਾ.ਰਾਜੇਸ਼ ਅਰੋੜਾ ਨੇ ਅਪਣੇ ਵਿਚਾਰ ਰੱਖੇ।ਸੈਮੀਨਾਰ ਵਿੱਚ ਮੁੱਖ ਮਹਿਮਾਨ ਮਿਸਿਜ ਅੰਦਲੀਬ ਔਜਲਾ ਸਨ.ਉਨ੍ਹਾਂ ਨੇ ਔਰਤਾਂ ਦੇ ਹੱਕਾਂ ਬਾਰੇ ਖਾਸ ਕਰਕੇ ਵੋਟ ਪਾਉਣ ਦੇ ਹੱਕ ਬਾਰੇ ਅਪਣੇ ਵਿਚਾਰ ਰੱਖੇ ਅਤੇ ਹਰ ਇਕ ਸ਼ਹਿਰੀ ਨੂੰ ਖਾਸ ਕਰਕੇ ਔਰਤਾਂ ਨੂੰ ਅਪਣੇ ਵੋਟ ਪਾਉਣ ਦੇ ਅਧਿਕਾਰ ਬਾਰੇ ਜਾਣੂ ਕਰਵਾਇਆ।ਅੰਤ ਵਿੱਚ ਡਾ.ਮੈਕਸਿਮਾ ਅਨੰਦ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਅਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਜ਼ਰੂਰ ਕਰਨੀ ਚਾਹੀਦੀ ਹੈ।ਇਸ ਮੌਕੇ ਅਮਨਦੀਪ ਕੌਰ,ਰਾਜਦੀਪ ਕੌਰ ਗਰੇਵਾਲ,ਡਾ.ਨੀਰਜ,ਡਾ.ਪੱਲਵੀ,ਡਾ.ਚਰਨਕੰਵਲ ਸਿੰਘ,ਗੌਰਵ ਮਲਹੋਤਰਾ,ਅਤੁਲ ਜੋਸ਼ੀ ਅਤੇ ਹਸਪਤਾਲ ਦੇ ਸਾਰੇ ਡਿਪਾਰਟਮੈਂਟਾਂ ਦੇ ਵਰਕਰ ਅਤੇ ਮਰੀਜ਼ ਹਾਜ਼ਰ ਸਨ।

## ਮੁੱਖ ਖੇਤੀਬਾੜੀ ਅਫਸਰ ਬਠਿੰਡਾ ਵੱਲੋਂ ਪੈਸਟੀਸਾਈਡਜ਼ ਡੀਲਰਾਂ ਨਾਲ ਮੀਟਿੰਗ



ਤਲਵੰਡੀ ਸਾਬੋ, 26 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਮੁੱਖ ਖੇਤੀਬਾੜੀ ਅਫਸਰ ਬਠਿੰਡਾ ਦੀ ਪ੍ਰਧਾਨਗੀ ਹੇਠ ਬਲਾਕ ਤਲਵੰਡੀ ਸਾਬੋ ਦੇ ਸਮੂਹ ਪੈਸਟੀਸਾਈਡ, ਫਰਟੀਲਾਈਜ਼ਰ ਅਤੇ ਸੀਡਜ ਡੀਲਰਾਂ ਨਾਲ ਜਰੂਰੀ ਮੀਟਿੰਗ ਕੀਤੀ ਗਈ ਜਿਸ ਵਿੱਚ ਮੁੱਖ ਖੇਤੀਬਾੜੀ ਅਫਸਰ ਡਾ. ਕਰਨਜੀਤ ਸਿੰਘ ਗਿੱਲ ਨੇ ਸਮੂਹ ਡੀਲਰਾਂ ਨੂੰ ਹਦਾਇਤ ਕੀਤੀ ਕਿ ਡੀਲਰਾਂ ਵੱਲੋਂ ਕਿਸਾਨਾਂ ਨੂੰ ਖਾਦ, ਬੀਜ, ਦਵਾਈ ਦੇ ਪੱਕ ਬਿਲ ਦਿੱਤੇ ਜਾਣ 'ਤੇ ਡੀਲਰਾਂ ਵੱਲੋਂ ਅਧਿਕਾਰ ਪੱਤਰ ਦਰਜ ਕਰਵਾਏ ਜਾਣ ਅਤੇ ਬਿਨਾਂ ਬਿੱਲ ਤੋਂ ਕਿਸਾਨਾਂ ਨੂੰ ਖਾਦ, ਦਵਾਈ ਅਤੇ ਬੀਜ ਦੀ ਵਿਕਰੀ ਨਾ ਕੀਤੀ ਜਾਵੇ। ਡਾ. ਹਰਬੰਸ ਸਿੰਘ ਸਿੱਧੂ ਏ ਐਮ ਓ ਨੇ ਸਮੂਹ ਡੀਲਰਾਂ ਨੂੰ ਦੱਸਿਆ ਪੱਕੇ ਬਿੱਲ ਤੇ ਬੈਚ ਨੰਬਰ, ਟੈਕਨੀਕਲ ਅਤੇ ਮਿਆਦ ਮਿਤੀ ਜਰੂਰ ਪਾਈ ਜਾਵੇ ਅਤੇ ਨਾਲ ਹੀ ਉਹਨਾਂ ਨੇ ਪੰਜਾਬ ਸਰਕਾਰ ਦੀ ਹਦਾਇਤਾ ਅਨੁਸਾਰ ਡੀਲਰਾਂ ਨੂੰ ਪੀ ਏ ਯੂ ਦੁਆਰਾ ਪ੍ਰਮਾਣਤ ਕਿਸਮਾਂ ਦੀ ਵਿੱਕਰੀ ਕਰਨ ਸਬੰਧੀ ਹਦਾਇਤ ਕੀਤੀ ਅਤੇ ਨਰਮੇ ਦੇ ਬੀਜਾਂ ਦੀ ਵਿਕਰੀ ਲਈ ਕਿਸਾਨਾਂ ਨੂੰ ਜਾਣਕਾਰੀ ਦੇਣ ਲਈ ਕਿਹਾ ਗਿਆ ਤਾਂ ਜੋ ਨਰਮੇ ਅਧੀਨ ਰਕਬਾ ਵਧਾਇਆ ਜਾ ਸਕੇ। ਇਸ ਤਰਾਂ ਡਾ. ਮੁਖਤਿਆਰ ਸਿੰਘ ਬਰਾੜ ਏ ਪੀ ਪੀ ਓ ਵੱਲੋਂ ਪੈਸਟੀਸਾਈਡ ਸਬੰਧੀ ਐਕਟ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਕੀੜੇਮਾਰ ਦਵਾਈਆਂ ਬਾਰੇ ਪੂਰੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਤੇ ਸੁਖਪਾਲ ਸਿੰਘ ਸਿੱਧੂ ਪ੍ਰਧਾਨ ਪੈਸਟੀਸਾਈਡਜ, ਫਰਟੀਲਾਈਜ਼ਰ ਅਤੇ ਸੀਡਜ ਐਸੋਸੀਏਸ਼ਨ ਤਲਵੰਡੀ ਸਾਬੋ ਅਤੇ ਲੱਕੀ ਮੱਕੜ ਪ੍ਰਧਾਨ ਪੈਸਟੀਸਾਈਡਜ, ਫਰਟੀਲਾਈਜ਼ਰ ਅਤੇ ਸੀਡਜ ਐਸੋਸੀਏਸ਼ਨ ਰਾਮਾ ਨੇ ਆਏ ਹੋਏ ਅ਼ਫਸਰ ਸਹਿਬਾਨ ਅਤੇ ਡੀਲਰਾ ਨੂੰ ਜੀ ਆਇਆਂ ਕਿਹਾ ਅੰਤ ਵਿੱਚ ਡਾ. ਸੰਦੀਪ ਸਿੰਘ ਖੇਤੀਬਾੜੀ ਵਿਕਾਸ ਅਫਸਰ ਵੱਲੋਂ ਪਹੁੰਚੇ ਡੀਲਰਾਂ ਦਾ ਧੰਨਵਾਦ ਕੀਤਾ ਗਿਆ।

# ਸ਼ੋਕ ਸੁਨੇਹਾ

25/04/2024

## ਅਮਨਦੀਪ ਕੌਰ ਸਰਨਾ



ਆਵਾਜ਼ਿ ਕੌਮ AWAZE QAUM International Newspaper & WEB TV

ਲਿਖਦੇ ਹੋਏ ਵੀ ਹੱਥ ਕੰਬ ਰਹੇ ਹਨ, ਅਮਨਦੀਪ ਕੌਰ ਸਰਨਾ ਜੀ ਜੋ ਕਿ ਸਾਡੇ ਮੰਚ ਦੇ ਲੁਧਿਆਣਾ ਸ਼ਹਿਰ ਦੇ ਪ੍ਰਧਾਨ ਸਨ ਸੜਕ ਹਾਦਸੇ ਵਿੱਚ ਅੱਜ ਸਾਨੂੰ ਸਦੀਵੀ ਵਿਛੋੜਾ ਦੇ ਗਏ

ਪੀਂਘਾਂ ਸੋਚ ਦੀਆਂ ਮੰਚ

ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ, ਸੰਪਰਕ +91-9888697078

## ਬੈਲਜੀਅਮ ਵਿਖੇ ਪਹਿਲੇ ਸੰਸਾਰ ਜੰਗ ਵਿੱਚ ਸ਼ਹੀਦ ਹੋਏ

# ਸਿੱਖ ਫੌਜੀਆਂ ਦੀ ਯਾਦ ਵਿੱਚ ਕਰਵਾਏ ਜਾਣਗੇ ਅਖੰਡ ਪਾਠ ਸਾਹਿਬ



**ਨਵੀਂ ਦਿੱਲੀ 25 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਬੈਲਜੀਅਮ ਸਥਿਤ ਇਨ ਫਲੈਂਡਰਜ਼ ਫੀਲਡ ਮਿਊਜ਼ੀਅਮ (ਵਾਈਪਰਸ) ਅਤੇ ਚੰਡੀਗੜ੍ਹ ਸਥਿਤ ਸਿੱਖ ਸੰਗਤਾਂ ਦੇ ਸਾਂਝੇ ਸਹਿਯੋਗ ਨਾਲ 26 ਅਪ੍ਰੈਲ ਤੋਂ ਵਿਸ਼ਵ ਪੱਧਰ 'ਤੇ ਬੈਲਜੀਅਮ 'ਚ ਜੰਗਾਂ ਦੌਰਾਨ ਸ਼ਹੀਦ ਹੋਏ ਪੰਜਾਬ ਦੇ ਸਿੱਖ ਫੌਜੀਆਂ ਦੀ ਯਾਦ 'ਚ ਤਿੰਨ ਰੋਜ਼ਾ ਅਖੰਡ ਪਾਠ ਸਾਹਿਬ ਕਰਵਾਇਆ ਜਾ ਰਿਹਾ ਹੈ। ਖ਼ਾਲਸਾ ਸਾਜਨਾ ਦਿਵਸ ਦੀ 325ਵੀਂ ਵਰ੍ਹੇਗੰਢ ਮੌਕੇ ਅਜਾਇਬ ਘਰ ਪ੍ਰਬੰਧਕਾਂ ਨੇ ਇਹ ਧਾਰਮਿਕ ਸਮਾਗਮ ਆਪਣੇ ਅਜਾਇਬ ਘਰ ਅਤੇ ਸੈਕਟਰ 34 ਦੇ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਵਿਖੇ 26 ਤੋਂ 28 ਅਪ੍ਰੈਲ ਤੱਕ ਕਰਵਾਉਣ ਦਾ ਐਲਾਨ ਕੀਤਾ ਹੈ। ਸ਼ੇਰ ਸਿੰਘ, ਐਸੋਸੀਏਟ, ਇਨ ਫਲੈਂਡਰਜ਼ ਫੀਲਡਜ਼ ਮਿਊਜ਼ੀਅਮ ਨੇ ਬੈਲਜੀਅਮ ਤੋਂ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਿਤ ਕਰਦੇ ਹੋਏ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਬੈਲਜੀਅਮ ਦੇ ਲੋਕ ਹਮੇਸ਼ਾ ਉਨ੍ਹਾਂ ਸਿੱਖ ਫੌਜੀਆਂ ਦੇ ਧੰਨਵਾਦੀ ਰਹਿਣਗੇ ਜਿਨ੍ਹਾਂ ਨੇ ਪਹਿਲੀ ਵਿਸ਼ਵ ਜੰਗ ਦੌਰਾਨ ਜਰਮਨੀ, ਆਸਟਰੀਆ-ਹੰਗਰੀ, ਬੁਲਗਾਰੀਆ ਅਤੇ ਓਟੋਮੈਨ ਸਾਮਰਾਜ ਦੀਆਂ ਸਾਂਝੀਆਂ ਕੇਂਦਰੀ ਸ਼ਕਤੀਆਂ ਦਾ ਬਹਾਦਰੀ ਨਾਲ ਮੁਕਾਬਲਾ ਕੀਤਾ। ਉਨ੍ਹਾਂ ਵਲੋਂ ਬਹਾਦਰੀ ਨਾਲ ਕੀਤੀ ਗਈ ਜੰਗ ਨੇ ਬੈਲਜੀਅਮ ਨੂੰ ਜਰਮਨ ਦੇ ਕਬਜ਼ੇ ਤੋਂ ਬਚਾਉਣ ਵਿੱਚ ਮਦਦ ਕੀਤੀ। ਸ਼ੇਰ ਸਿੰਘ ਨੇ ਕਿਹਾ ਕਿ ਵਾਈਪਰਸ ਭਾਰਤੀ ਅਤੇ ਬੈਲਜੀਅਮ ਦੇ ਇਤਿਹਾਸ ਦਾ ਇੱਕ ਮਹੱਤਵਪੂਰਨ ਪੜਾਅ ਹੈ ਜਿੱਥੇ ਬਦਕਿਸਮਤੀ ਨਾਲ ਦੋ ਵੱਡੀਆਂ ਜੰਗਾਂ ਵਿੱਚ ਲਗਭਗ 1.5 ਲੱਖ ਸਿੱਖ/ਪੰਜਾਬੀ ਸੈਨਿਕਾਂ ਨੇ ਆਪਣੀ ਜਾਨ ਗਵਾਈ। ਉਨ੍ਹਾਂ ਦੀ ਬਹਾਦਰੀ ਦੇ ਕਿੱਸੇ ਬੈਲਜੀਅਮ ਵਿੱਚ ਅਮਰ ਰਹਿਣਗੇ। ਇਹ ਅਖੰਡ ਪਾਠ ਸਾਹਿਬ ਵਿਸਾਖੀ ਦੇ ਪਵਿੱਤਰ ਮਹੀਨੇ ਵਿੱਚ ਬੈਲਜੀਅਮ ਦੁਆਰਾ ਉਨ੍ਹਾਂ ਨੂੰ ਦਿੱਤੀ ਜਾ ਰਹੀ ਇੱਕ ਸ਼ਰਧਾਂਜਲੀ ਹੈ ।

ਇਸ ਮੌਕੇ 'ਤੇ ਬੋਲਦਿਆਂ ਬ੍ਰਿਗੇਡੀਅਰ ਜੀਜੇ ਸਿੰਘ (ਸੇਵਾਮੁਕਤ) ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦੇ ਹੋਏ ਦੁਨੀਆ ਦੇ ਦੋ ਵੱਖ-ਵੱਖ ਹਿੱਸਿਆਂ ਭਾਰਤ ਅਤੇ ਯੂਰਪ ਵਿਚ ਸੈਨਿਕਾਂ ਪ੍ਰਤੀ ਉਦਾਸੀਨਤਾ 'ਤੇ ਵੀ ਚਿੰਤਾ ਪ੍ਰਗਟ ਕੀਤੀ। ਉਨ੍ਹਾਂ ਦਸਿਆ ਕਿ ਓਹ ਪਿਛਲੇ ਸਾਲ, ਡੋਮਿਨਿਕ ਡੇਨਡੋਵਨ, ਡਾਇਰੈਕਟਰ, ਇਨ ਫਲੈਂਡਰਜ਼ ਫੀਲਡਜ਼ ਮਿਊਜ਼ੀਅਮ ਦੇ ਨਾਲ, ਅੰਮ੍ਰਿਤਸਰ ਨੇੜੇ ਸੁਲਤਾਨਵਿੰਡ ਗਏ ਸਨ ਅਤੇ ਸ਼ਹੀਦ ਸਿੱਖ/ਪੰਜਾਬੀ ਫੌਜੀਆਂ ਦੇ ਪਰਿਵਾਰਾਂ ਨੂੰ ਮਿਲੇ ਸਨ। ਸਮਾਜ ਅਤੇ ਸਰਕਾਰ ਦੁਆਰਾ ਇਹਨਾਂ ਪਰਿਵਾਰਾਂ ਦੀ ਅਣਦੇਖੀ ਅਤੇ ਇੱਥੋਂ ਤੱਕ ਕਿ ਅੰਗਰੇਜ਼ਾਂ ਦੁਆਰਾ ਉਹਨਾਂ ਦੇ ਸਨਮਾਨ ਵਿੱਚ ਬਣਾਈਆਂ ਗਈਆਂ ਯਾਦਗਾਰਾਂ ਨੂੰ ਵੀ ਅਣਗੌਲਿਆ ਕਰਨਾ ਹੁਣ ਸ਼ਹੀਦ ਸੈਨਿਕਾਂ ਦਾ ਅਪਮਾਨ ਜਾਪਦਾ ਹੈ ।

ਦੂਜੇ ਪਾਸੇ, ਬੈਲਜੀਅਮ ਵਿੱਚ, ਉਨ੍ਹਾਂ ਸੈਨਿਕਾਂ ਦੀ ਯਾਦ ਵਿੱਚ ਸ਼ਾਨਦਾਰ ਸਮਾਰਕ ਬਣਾਏ ਗਏ ਹਨ ਅਤੇ ਹਰ ਸ਼ਾਮ ਨੂੰ ਉੱਥੇ ਰੀਟਰੀਟ ਦੇ ਨਾਲ ਸਨਮਾਨ ਚਿੰਨ੍ਹ ਦਿੱਤਾ ਜਾਂਦਾ ਹੈ । ਉਨ੍ਹਾਂ ਕਿਹਾ ਕਿ ਇਸ ਖੇਤਰ ਵਿੱਚ ਹਜ਼ਾਰਾਂ ਪਰਿਵਾਰ ਅਜਿਹੇ ਹਨ ਜੋ ਪਹਿਲੇ ਵਿਸ਼ਵ ਯੁੱਧ ਨਾਲ ਸਬੰਧਤ ਹਨ ਅਤੇ ਉਨ੍ਹਾਂ ਦੀਆਂ ਯਾਦਾਂ ਨੂੰ ਤਾਜ਼ਾ ਕਰਨ ਲਈ ਹਰ ਸਾਲ 'ਯਾਦਗਾਰੀ ਪ੍ਰੋਗਰਾਮ' ਕਰਵਾਇਆ ਜਾਣਾ ਚਾਹੀਦਾ ਹੈ।

## ਘਟਦੇ ਮਲੇਰੀਏ ਨੂੰ ਜੜ੍ਹੋਂ ਖਤਮ ਕਰਨ ਲਈ ਲੋਕਾਂ ਦੀ ਹਿੱਸੇਦਾਰੀ ਦੀ ਅਹਿਮ ਲੋੜ—ਡਾ: ਰੇਖਾ

# ਮਲੇਰੀਆ ਤੇ ਡੇਂਗੂ ਦੇ ਖਾਤਮੇ ਲਈ ਮਮਦੋਟ ਬਲਾਕ ਅਧੀਨ ਪਿੰਡਾਂ ਦੇ ਛੱਪੜਾਂ ਵਿਚ ਛੱਡੀਆਂ ਜਾਣਗੀਆਂ ਗਮਬੂਸ਼ੀਆ ਫਿਸ਼—ਅੰਕੁਸ਼ ਭੰਡਾਰੀ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਸਿਹਤ ਵਿਭਾਗ ਮਮਦੋਟ ਵਲੋਂ ਹੁਣ ਲੋਕਾਂ ਨੂੰ ਮਲੇਰੀਏ ਦੇ ਮੱਛਰ ਤੋਂ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਇਸੇ ਦੇ ਚਲਦਿਆਂ ਹੀ ਡਾ: ਰਮਨ ਗੁਪਤਾ ਐਸ.ਐਮ.ਓ ਦੇ ਨਿਰਦੇਸ਼ਾਂ ਹੇਠ ਮਈ ਅਤੇ ਜੂਨ ਮਹੀਨੇ ਨੂੰ ਮਲੇਰੀਆ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਬਲਾਕ ਦੇ ਹਰੇਕ ਪਿੰਡ ਵਿੱਚ ਪੈਰਾ ਮੈਡੀਕਲ ਸਟਾਫ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਇਸ ਬੀਮਾਰੀ ਤੋਂ ਬਚਾਉਣ ਲਈ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਇਸੇ ਦੇ ਚਲਦਿਆਂ ਹੀ ਅੱਜ ਵਿਸ਼ਵ ਮਲੇਰੀਆ ਦਿਵਸ ਤੇ ਮਮਦੋਟ ਵਿਖੇ ਇਲਾਕਾ ਨਿਵਾਸੀਆਂ ਨੂੰ ਮਲੇਰੀਏ ਦੇ ਡੰਕ ਤੋਂ ਬੱਚਣ ਦਾ ਸੁਨੇਹਾ ਦਿੰਦਾ ਜਾਗਰੂਕਤਾ ਕੈਂਪ ਲਗਾਇਆ ਗਿਆ ।ਮਲੇਰੀਏ ਦੇ ਡੰਕ ਤੋਂ ਬਚਣ ਦੇ ਨੁਕਤੇ ਸਾਂਝੇ ਕਰਦਿਆਂ ਬਲਾਕ ਮਮਦੋਟ ਵਿੱਖੇ ਮਲੇਰੀਆਂ ਦੇ ਖਾਤਮੇ ਸੰਬੰਧੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ।ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਡਾ: ਮੀਨਾਕਸ਼ੀ ਸਿਵਲ ਸਰਜ਼ਨ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਘੱਟਦੇ ਹੋਏ ਮਲੇਰੀਏ ਨੂੰ ਜੜੋਂ ਖਤਮ ਕਰਨ ਲਈ ਲੋਕਾਂ ਦੀ ਹਿੱਸੇਦਾਰ ਦੀ ਅਹਿਮ ਲੋੜ ਤੇ ਜ਼ੋਰ ਦਿੱਤਾ, ਉਨ੍ਹਾਂ ਕਿਹਾ ਕਿ ਪੋਲੀਓ ਤੋਂ ਬਾਅਦ ਹੁਣ ਦੇਸ਼. ਨੂੰ ਮਲੇਰੀਆ ਮੁਕਤ ਬਨਾਉਣ ਦਾ ਕਾਰਜ ਵੀ ਆਖਰੀ ਗੇੜ ਵਿਚ ਹੈ। ਸੈਮੀਨਾਰ ਵਿਚ ਵਿਚਾਰ ਸਾਂਝੇ ਕਰਦਿਆਂ ਡਾ: ਰੇਖਾ ਅਤੇ ਅੰਕੁਸ਼ ਭੰਡਾਰੀ ਬੀ.ਈ.ਈ ਨੇ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਸੁਹਿਰਦ ਹੋਣ ਦਾ ਹੋਕਾ ਦਿੰਦਿਆਂ ਕਿਹਾ ਕਿ ਮਲੇਰੀਏ ਦੇ ਪੂਰਨ ਖਾਤਮੇ ਲਈ ਆਮ ਲੋਕਾਂ ਦੀ ਹਿੱਸੇਦਾਰੀ ਦੀ ਅਹਿਮ ਜ਼ਰੂਰਤ ਹੈ ਤਾਂ ਜੋ ਅੰਤ ਦੇ ਕਿਨਾਰੇ ਖੜ੍ਹੀ ਇਸ ਬਿਮਾਰੀ ਨੂੰ ਜੜ੍ਹੋਂ ਪੁਟਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸੀ.ਐਚ.ਸੀ ਮਮਦੋਟ ਅਧੀਨ ਆਉਂਦੇ 33 ਐਚ.ਡਬਲਯੂ.ਸੀ ਤੇ ਨਾ ਸਿਰਫ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ, ਸਗੋਂ ਮਲੇਰੀਏ ਨੂੰ ਖਤਮ ਕਰਨ ਵਿੱਚ ਲੋਕਾਂ ਦੀ ਸ਼ਮੂਲੀਅਤ ਕਰਨੀ ਇਸ ਵਿੱਚ ਯਕੀਨੀ ਬਣਾਈ ਜਾਵੇਗੀ। ਡਾ: ਰੇਖਾ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫ਼ਲੀਜ਼ ਮੱਛਰ ਦੇ ਕੱਟਣ ਨਾਲ ਫ਼ੈਲਦਾ ਹੈ ਅਤੇ ਇਹ ਮੱਛਰ ਖੜ੍ਹੇ ਪਾਣੀ ਵਿਚ ਪੈਦਾ ਹੁੰਦੇ ਹਨ ਜ਼ੋ ਕਿ ਦਿਨ ਅਤੇ ਰਾਤ ਵੇਲੇ ਕੱਟਦੇ ਹਨ। ਸ੍ਰੀ ਅੰਕੁਸ਼ ਭੰਡਾਰੀ ਬੀ.ਈ.ਈ ਅਤੇ ਬਲਵਿੰਦਰ ਸਿੰਘ ਐਸ.ਆਈ, ਮਹਿੰਦਰਪਾਲ ਐਮ.ਪੀ.ਐਚ. ਡਬਲਯੂ ਮੇਲ ਨੇ ਕਿਹਾ ਕਿ ਬੁਖਾਰ ਦੀ ਸਥਿਤੀ ਵਿਚ ਤੁਰੰਤ ਸਰਕਾਰੀ ਸਿਹਤ ਕੇਂਦਰ ਵਿਚ ਸੰਪਰਕ ਕੀਤਾ ਜਾਵੇ ਅਤੇ ਜ਼ਰੂਰਤ ਪੈਣ *ਤੇ ਤੁਰੰਤ ਖ਼ੂਨ ਦੇ ਟੈਸਟ ਕਰਵਾਏ ਜਾਣ ਤਾਂ ਜੋ ਮਲੇਰੀਏ ਨੂੰ ਪਨਪਨ ਤੋਂ ਪਹਿਲਾਂ ਹੀ ਦਬੋਚਿਆ ਜਾ ਸਕੇ ।ਮਲੇਰੀਆ ਬੁਖਾਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਅੰਕੁਸ਼ ਭੰਡਾਰੀ ਬੀ.ਈ.ਈ, ਬਲਵਿੰਦਰ ਸਿੰਘ, ਮਹਿੰਦਰਪਾਲ ਐਮ.ਪੀ.ਐਚ.ਡਬਡਯੂ ਮੇਲ ਨੇ ਦੱਸਿਆ ਕਿ ਠੰਢ ਅਤੇ ਕਾਂਬੇ ਨਾਲ ਬੁਖਾਰ, ਸਿਰ ਦਰਦ ਹੋਣਾ, ਬੁਖਾਰ ਉਤਰਣ ਤੋਂ ਬਾਅਦ ਥਕਾਵਟ ਅਤੇ ਕਮਜ਼ੋਰੀ ਹੋਣਾ ਆਦਿ ਦੀ ਸੂਰਤ ਵਿਚ ਤੁਰੰਤ ਨੇੜ੍ਹਲੇ ਸਰਕਾਰੀ ਹਸਪਤਾਲਾਂ ਵਿਚ ਇਲਾਜ ਕਰਵਾਇਆ ਜਾਵੇ ।ਉਨ੍ਹਾਂ ਦੱਸਿਆ ਕਿ ਮਲੇਰੀਆ ਦੇ ਖਾਤਮੇ ਲਈ ਛੱਪੜਾਂ ਵਿਚ ਗਮਬੂਸ਼ੀਆਂ ਫਿਸ਼ ਛੱਡੀਆਂ ਜਾ ਰਹੀਆਂ ਹਨ ਅਤੇ ਇਨ੍ਹਾਂ ਦੀ ਮੱਦਦ ਨਾਲ ਮਲੇਰੀਏ ਅਤੇ ਡੇਂਗੂ ਦੇ ਲਾਰਵੇ ਨੂੰ ਖ਼ਤਮ ਕੀਤਾ ਜਾ ਸਕੇਗਾ ।ਇਸ ਮੌਕੇ ਡਾ: ਅਨੁਪਮ, ਡਾ: ਪਲਵੀ, ਅੰਕੁਸ਼ ਭੰਡਾਰੀ ਬੀ.ਈ.ਈ, ਮੈਡਮ ਰਿਮਪਲ ਐਲ.ਐਚ.ਵੀ, ਪਰਮਿੰਦਰ ਸੀ.ਐਚ.ਓ, ਰਿਚਾਰਡ ਫਾਰਮੇਸੀ ਅਫਸਰ ਮਹਿੰਦਰਪਾਲ, ਮੰਗਲ, ਅਮਨਦੀਪ ਮ.ਪ.ਹ.ਵ ਕਰਨ, ਗੁਰਵਿੰਦਰ ਮੇਲ ਸਮੇਤ ਪੈਰਾ ਮੈਡੀਕਲ ਸਟਾਫ ਹਾਜ਼ਰ ਸੀ।

# ਗੁਰੂ ਕੀ ਬੇਰ ਮੱਤੇਵਾਲ ਸਕੂਲ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ



**ਚੌਂਕ ਮਹਿਤਾ, 25 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)** -ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਦੀ ਰਹਿਨੁਮਾਈ ਹੇਠ ਚੱਲ ਰਹੀ ਇਲਾਕੇ ਦੀ ਸਿਰਮੌਰ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਅੰਮ੍ਰਿਤਸਰ ਦਾ ਦਸਵੀਂ ਜਮਾਤ ਦਾ ਨਤੀਜਾ 100% ਰਿਹਾ। ਜਿਸ ਵਿਚ ਹਰਮਨਦੀਪ ਕੌਰ ਪੁੱਤਰੀ ਸੀਤਲ ਸਿੰਘ (95.53%) ਪਹਿਲਾਂ, ਕੋਮਲਪ੍ਰੀਤ ਕੌਰ ਪੁੱਤਰੀ ਗੁਰਪ੍ਰੀਤ ਸਿੰਘ (93.69%) ਦੂਜਾ, ਪ੍ਰਭਜੋਤ ਕੌਰ ਪੁੱਤਰੀ ਗੁਰਮੁੱਖ ਸਿੰਘ (93.53%) ਅਤੇ ਸੁਭਨੂਰ ਕੌਰ ਪੁੱਤਰੀ ਕੁਲਬੀਰ ਸਿੰਘ (93.53%) ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਸਾਲ 2023-24 ਦੌਰਾਨ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿਚ ਪਾਸ ਹੋਏ। ਇਸ ਮੌਕੇ ਸੰਸਥਾ ਦੇ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਨੇ ਬੱਚਿਆਂ ਨੂੰ ਸਿਰਪਾਓ ਅਤੇ ਸ਼ੀਲਡਾਂ ਦੇ ਕੇ ਸਨਮਾਨਿਤ ਕੀਤਾ, ਅਤੇ ਬੱਚਿਆਂ ਨੂੰ ਭਵਿੱਖ ਲਈ ਅਸ਼ੀਰਵਾਦ ਦਿੱਤਾ ਅਤੇ ਸਟਾਫ ਨੂੰ ਵੀ ਵਧਾਈ ਦਿੱਤੀ। ਇਸ ਮੌਕੇ ਗੁਰਦੇਵ ਸਿੰਘ ਯੂਐਸਏ, ਤਰਸੇਮ ਸਿੰਘ, ਸੁਖਵਿੰਦਰ ਸਿੰਘ, ਗੁਰਮੇਜ ਸਿੰਘ, ਸਰਬਜੀਤ ਸਿੰਘ, ਜਗਰੂਪ ਸਿੰਘ, ਬਚਿੱਤਰ ਸਿੰਘ, ਬਾਬਾ ਜੱਸਾ ਸਿੰਘ, ਬਾਬਾ ਰਾਜਾ, ਬਾਬਾ ਸੁੱਖਾ ਸਿੰਘ, ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਭੋਏ, ਜੋਬਨ ਬੁਲਾਰਾ, ਗੁਰਬਾਜ ਸਿੰਘ, ਜਸਵਿੰਦਰ ਸਿੰਘ, ਪਲਵਿੰਦਰ ਸਿੰਘ, ਵੀਰ ਸਿੰਘ, ਰਵਿੰਦਰ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਗਗਨਦੀਪ ਕੌਰ, ਮੈਡਮ ਸਿਮਰਜੀਤ ਕੌਰ, ਮੈਡਮ ਸੁਖਵਿੰਦਰ ਕੌਰ ਆਦਿ ਹਾਜ਼ਰ ਸਨ।

# ਬਾਬਾ ਸੱਜਣ ਸਿੰਘ ਵਲੋਂ ਬੱਚਿਆਂ ਨੂੰ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ



**ਚੌਂਕ ਮਹਿਤਾ 25 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਸਿਰਮੌਰ ਸੰਸਥਾ ਸੰਤ ਬਾਬਾ ਲਾਭ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਗੁਰੂ ਕੀ ਬੇਰ ਮੱਤੇਵਾਲ ਦੇ ਸੰਸਥਾ ਦੇ ਪ੍ਰਧਾਨ ਸੰਤ ਬਾਬਾ ਸੱਜਣ ਸਿੰਘ ਦੁਆਰਾ ਨਰਸਰੀ ਜਮਾਤ ਤੋਂ ਲੈਕੇ ਦਸਵੀਂ ਜਮਾਤ ਤੱਕ ਸਕੂਲ ਵਿੱਚ ਪੜ੍ਹਨ ਵਾਲੇ ਸਾਰੇ ਹੀ ਬੱਚਿਆਂ ਨੂੰ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੱਸਿਆ ਕਿ ਵਿਦਿਆਸਮ ਸਭ ਤੋਂ ਵਡਮੁੱਲੀ ਦਾਤ ਹੈ ਤੇ ਇਸ ਨਾਲ ਸਮਾਜ ਵਿਚਲੀਆਂ ਕੁਰੀਤੀਆਂ ਦੂਰ ਹੁੰਦੀਆਂ ਹਨ। ਇਸ ਮੌਕੇ ਪ੍ਰਿੰਸੀਪਲ ਗੁਰਸੇਵਕ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿਛਲੇ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਸੱਜਣ ਸਿੰਘ ਵਲੋਂ ਬੱਚਿਆਂ ਨੂੰ ਮੁਫ਼ਤ ਕਿਤਾਬਾਂ ਵੰਡੀਆਂ ਗਈਆਂ, ਅਤੇ ਬੱਚਿਆਂ ਨੂੰ ਪੜ੍ਹ ਲਿਖ ਕੇ ਮਾਪਿਆਂ ਦਾ ਅਤੇ ਸੰਸਥਾ ਦਾ ਨਾਮ ਰੌਸ਼ਨ ਕਰਨ ਲਈ ਸੰਦੇਸ਼ ਦਿੱਤਾ ਇਸ ਮੌਕੇ ਗੁਰਦੇਵ ਸਿੰਘ ਯੂਐਸਏ, ਤਰਸੇਮ ਸਿੰਘ, ਸੁਖਵਿੰਦਰ ਸਿੰਘ, ਬਚਿੱਤਰ ਸਿੰਘ, ਰਣਜੀਤ ਸਿੰਘ ਬਾਬੋਵਾਲ, ਨਿੰਦਰ ਸਿੰਘ ਭੋਏ, ਗੁਰਮੇਜ ਸਿੰਘ ਬੁਲਾਰਾ, ਬਾਬਾ ਜੱਸਾ ਸਿੰਘ, ਸਰਬਜੀਤ ਸਿੰਘ ਸਰਪੰਚ, ਆਦਿ ਹਾਜ਼ਰ ਸਨ। ਕੈਪਸਨ: ਬੱਚਿਆਂ ਨੂੰ ਮੁਫ਼ਤ ਕਿਤਾਬਾਂ ਵੰਡਦੇ ਹੋਏ ਸੰਤ ਬਾਬਾ ਸੱਜਣ ਸਿੰਘ ਅਤੇ ਸਮੂਹ ਸਟਾਫ।

# ਸਿਹਤ ਵਿਭਾਗ ਅੰਮ੍ਰਿਤਸਰ ਵਲੋ ਵਿਸ਼ਵ ਮਲੇਰੀਆ ਦਿਵਸ ਮੌਕੇ ਕਰਵਾਇਆ ਪੋਸਟਰ ਅਤੇ ਕਵਿੱਜ ਕੰਪੀਟੀਸ਼ਨ

ਚੌਂਕ ਮਹਿਤਾ 25 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ )ਸਿਹਤ ਵਿਭਾਗ ਅੰਮਿਤਸਰ ਵਲੋਂ ਸਿਵਲ ਸਰਜਨ ਡਾ ਵਿਜੇ ਕੁਮਾਰ ਜੀ ਦੇ ਦਿਸ਼ਾਂ ਨਿਰਦੇਸ਼ਾ ਅਨੁਸਾਰ ਆਮ ਲੋਕਾ ਨੂੰ ਇਸ ਗਰਮੀ ਦੇ ਮੌਸਮ ਵਿੱਚ ਮਲੇਰੀਆਂ ਸੰਬਧੀ ਜਾਗਰੂਕ ਕਰਨ ਲਈ ਅੱਜ ਮਾਲ ਰੋਡ ਸਿਨੀਅਰ ਸਕੈਂਡਰੀ ਸਕੂਲ ਅੰਮਿਤਸਰ ਵਿਖੇ ਪੋਸਟਰ ਅਤੇ




ਕਵਿੱਜ ਕੰਪੀਟੀਸ਼ਨ ਕਰਵਾਇਆ ਗਿਆ। ਇਸ ਅਵਸਰ ਤੇ ਸੰਬੋਧਨ ਕਰਦਿਆ ਸਹਾਇਕ ਸਿਵਲ ਸਰਜਨ ਅੰਮਿਤਸਰ ਡਾ ਰਜਿੰਦਰ ਕੋਰ ਨੇ ਕਿਹਾ ਕਿ ਮਲੇਰੀਆ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕੀ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ ।ਕਿਉਕੀ ਇਲਾਜ ਨਾਲੋ ਪਰਹੇਜ ਜਿਆਦਾ ਜਰੂਰੀ ਹੈ। ਉਨਾਂ ਵਲੋ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਮਲਰੀਆ ਇੱਕ ਵੈਕਟਰ ਬੋਰਨ ਬੀਮਾਰੀ ਹੈ ਜੋ ਕਿ ਮਾਦਾ ਐਨਾਫਲੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅਖਾ ਦੇ ਪਿਛਲੇ ਹਿੱਸੇ ਦਰਦ, ਉਲਟੀਆਂ, ਨੱਕ-ਮੂੰਹ ਅਤੇ ਮਸੂੜਿਆ ਵਿੱਚੋ ਖੁਨ ਵਗਣਾ ਆਦੀ ਹੈ ।ਮਲੇਰੀਆ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੂਰੰਤ ਸਰਕਾਰੀ ਹਸਪਤਾਲ ਤੋ ਹੀ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ ।ਇਸ ਮੋਕੇ ਤੇ ਜੇਤੂ ਬਚਿਆਂ ਨੂੰ ਇਨਾਮ ਵੰਡੇ ਗਏ। ਇਸ ਅਵਸਰ ਤੇ ਜਿਲਾ੍ ਐਪੀਡਿਮੋਲੋਜਿਸਟ ਡਾ ਹਰਜੋਤ ਕੋਰ, ਡਾ ਰਾਘਵ ਜੋਸ਼ੀ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਏ.ਐਮ.ਓ ਰਾਮ ਮਹਿਤਾ, ਰੋਸਨ ਸਿੰਘ, ਕੰਵਲ ਬਲਰਾਜ, ਗੁਰਦੇਵ ਸਿੰਘ, ਹਰਵਿੰਦਰ ਸਿੰਘ, ਸੁਖਦੇਵ ਸਿੰਘ ਅਤੇ ਸਮੂਹ ਵਿਦਿਆਰਥੀ ਅਤੇ ਟੀਚਰ ਹਾਜਰ ਹੋਏ।

ਲੋਕ ਸਭਾ ਚੋਣਾਂ ਨੂੰ ਲੈ ਸਾਬਕਾ ਵਿਧਾਇਕ

# ਜਿੰਦੂ ਪੁੱਜੇ ਸਰਵਣ ਸਿੰਘ ਮਹਾਲਮ ਦੇ ਗ੍ਰਹਿ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਲੋਕ ਸਭਾ ਚੋਣਾਂ ਦੇ ਚਲਦਿਆਂ ਜਿਥੇ ਸਿਆਸੀ ਪਾਰਟੀਆਂ ਵਿਚ ਮਾਹੌਲ ਗਰਮਾਉਂਦਾ ਜਾ ਰਿਹਾ ਹੈ, ਉਥੇ ਪਾਰਟੀ ਉਮੀਦਵਾਰਾਂ ਦੇ ਹੋ ਰਹੇ ਐਲਾਨ ਤੋਂ ਬਾਅਦ ਸਿਆਸੀ ਲੀਡਰਾਂ ਨੇ ਵੀ ਸਰਗਰਮੀਆਂ ਸ਼ੁਰੂ ਕਰ ਦਿੱਤੀਆਂ ਹਨ। ਜਿਸ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਤੋਂ ਸਾਬਕਾ ਵਿਧਾਇਕ ਜੋਗਿੰਦਰ ਸਿੰਘ ਜਿੰਦੂ ਆਪਣੇ ਸਾਥੀਆਂ ਸਮੇਤ ਯੂਥ ਆਗੂ ਸਰਵਣ ਸਿੰਘ ਮਹਾਲਮ ਦੇ ਗ੍ਰਹਿ ਵਿਖੇ ਪਹੁੰਚੇ। ਇਸ ਮੀਟਿੰਗ ਵਿੱਚ ਚੋਣਾਂ ਨੂੰ ਲੈ ਕੇ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਲੋਕਾਂ ਨੂੰ ਅਕਾਲੀ ਦਲ ਪ੍ਰਤੀ ਜਾਗਰੂਕ ਕਰਨ ਲਈ ਸਲਾਹ ਮਸ਼ਵਰੇ ਕੀਤੇ ਗਏ। ਇਸ ਮੌਕੇ ਉਨ੍ਹਾਂ ਨਾਲ ਮੈਂਬਰ ਸ਼੍ਰੋਮਣੀ ਕਮੇਟੀ ਦਰਸ਼ਨ ਸਿੰਘ ਸ਼ੇਰਖਾਂ, ਸ਼੍ਰੋਮਣੀ ਅਕਾਲੀ ਦਲ ਦੇ ਨਵ—ਨਿਯੁਕਤ ਸਲਾਹਕਾਰ ਦਿਲਬਾਗ ਸਿੰਘ ਵਿਰਕ, ਹਰਪ੍ਰੀਤ ਸਿੰਘ ਸ਼ੇਰਖਾਂ, ਬਲਵਿੰਦਰ ਸਿੰਘ ਬੁਕਣਸ਼ਾਹ ਸਰਕਲ ਪ੍ਰਧਾਨ, ਮੁਖਤਿਆਰ ਵਿਰਕ, ਸਤਨਾਮ ਸਿੰਘ, ਦਲਵਿੰਦਰ ਸਿੰਘ, ਕਸ਼ਮੀਰ ਸਿੰਘ, ਭੁਪਿੰਦਰ ਸਿੰਘ ਆਦਿ ਆਗੂ ਹਾਜ਼ਰ ਸਨ।

ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਵਾਤਾਵਰਣ ਦੀ ਸੰਭਾਲ

# ਪਾਣੀ ਬਚਾਓ, ਪੌਦੇ ਲਗਾਉ, ਬੇਟੀ ਬਚਾਓ, ਪੜ੍ਹਾਓ ਸਬੰਧੀ ਰੂਬਰੂ ਪ੍ਰੋਗਰਾਮ—ਪੀ.ਸੀ ਕੁਮਾਰ

ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਅੱਜ ਵੱਖ—ਵੱਖ ਸਕੂਲਾਂ ਵਿਚ ਜੰਗੀ ਪੱਧਰ ਤੇ ਚਲਾਈ ਜਾ ਰਹੀ ਮੁਹਿੰਮ ਨੂੰ ਅੱਗੇ ਤੌਰੇ ਹੋਏ ਸ੍ਰੀ ਪੀ.ਸੀ ਕੁਮਾਰ ਸੀਨੀਅਰ ਸਿਟੀਜਨ, ਸੇਵਾ ਮੁਕਤ, ਮਾਸ ਮੀਡੀਆ ਅਫਸਰ, ਸਿਹਤ ਵਿਭਾਗ ਐਨ.ਜੀ.ਓਜ਼ ਦੇ ਕੋਆਰਡੀਨੇਟਰ, ਸਦਾਵਰਤ ਪੰਚਾਇਤੀ ਦੇ ਮੁੱਖ ਕਾਰਜਕਰਤਾ ਇਨ੍ਹਾਂ ਦੇ ਨਾਲ ਸ੍ਰੀਮਤੀ ਰੇਨੂੰ ਚੋਪੜਾ, ਇਸ ਮੁਹਿੰਮ ਦੇ ਹਿੱਸਾ ਬਣ ਅੱਜ ਸਮੇਂ ਦੀ ਮੰਗ ਜਿਸ ਤੇਜ਼ੀ ਨਾਲ ਸਰੀਰਕ, ਮਾਨਸਿਕ, ਸਮਾਜਿਕ ਕੁਰੀਤੀਆਂ, ਬਿਮਾਰੀਆਂ, ਵਾਤਾਵਰਣ ਦੀ ਗੰਦਲਾ ਹੋਣਾ, ਬੇਟੀਆਂ ਦਾ ਕੁੱਖ ਵਿਚ ਮਾਰਨਾ, ਪੜ੍ਹਾਈ ਨਾ ਕਰਾਉਣ, ਪਾਣੀ ਦੀ ਦੁਰਵਰਤੋਂ ਤੇ ਰੁੱਖਾਂ ਦਾ ਕਟਣਾ ਅੱਜ ਇਨ੍ਹਾਂ ਸਾਰੀਆਂ ਮੁਸੀਬਤਾਂ ਦਾ ਕਾਰਣ ਬਣ ਅੱਜ ਲਾ—ਇਲਾਜ ਬਿਮਾਰੀ, ਕੁਰੀਤੀਆਂ ਬਣ ਸਮਾਜ ਦੇਸ਼. ਦੁਨੀਆਂ ਲਈ ਇਕ ਵਧਦੀ ਆਬਾਦੀ ਦੇ ਨਾਲ ਦੂਜੀਆਂ



ਜਿਉਣ ਲਈ ਜ਼ਰੂਰੀ ਲੋੜਾਂ ਅੱਜ ਇਕ ਘਰ ਦੀ ਬਜਾਏ ਵਿਸ਼ਵ ਵਿਆਪੀ ਮੁਸ਼ਕਿਲ ਬਣ ਸੋਚ ਵਿਚਰਨ ਤੇ ਉਸ ਦੇ ਹੱਲ ਲਈ ਨੈਸ਼ਨਲ ਇੰਟਰਨੈਸ਼ਨਲ ਦਿਨੋਂ—ਦਿਨ ਪ੍ਰੋਗਰਾਮ ਉਲੀਕੇ ਜਾ ਰਹੇ ਹਨ, ਪਰ ਸਭ ਬੁਰੀ ਤਰ੍ਹਾਂ ਫੇਲ ਹੋ ਕੇ ਰਹਿ ਗਏ ਹਨ, ਬਲਕਿ ਜਿਉ—ਜਿਉ ਦਵਾ ਕੀ ਮਰਜ਼ ਬੜਤੀ ਗਈ, ਜਿਸ ਦਾ ਇਕੋ—ਇਕ ਹੱਲ ਜਨ ਜਾਗਰਣ ਵੀ ਜਾਤੀ ਤੌਰ ਜਾਗਰੂਕਤਾ ਭਾਵ ਖੁਦ ਦਾ ਸੁਧਰਣਾ ਹੀ ਇਕੋ—ਇਕ ਹੱਲ, ਜਿਸ ਸਬੰਧੀ ਇਨ੍ਹਾਂ ਦੁਆਰਾ ਚਲਾਈ ਜਾ ਰਹੀ ਨੌਕਰੀ ਤੇ ਮਗਰੋਂ ਚਲਾਈਆਂ ਜਾ ਰਹੀਆਂ ਰੋਜ਼ਾਨਾ ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਅਦਾਰਿਆਂ ਵਿਚ ਵਿਚਰਦੇ ਹੋਏ ਹਜ਼ਾਰਾਂ, ਲੱਖਾਂ ਨਹੀਂ ਕਰੋੜਾਂ ਨੂੰ ਜਿਥੇ ਮੁੱਖਧਾਰਾ ਵਿਚ ਵਿਗੜਦੇ ਤੇ ਵਿਗੜੇ ਲੋਕਾਂ ਨੂੰ ਮੁੱਖ ਧਾਰਾ ਵਿਚ ਜ਼ੋੜਿਆ, ਉਥੇ ਇਸ ਮੁਹਿੰਮ ਦੇ ਭਾਗੀਦਾਰੀ ਵਿਚ ਸ਼ਾਮਿਲ ਪ੍ਰਤਖ ਨੂੰ ਪ੍ਰਮਾਣ ਦੀ ਲੋੜ ਇਕ ਅਜਿਹਾ ਕੰਮ ਕੀਤਾ, ਕਰ ਰਹੇ ਹਨ ਤੇ ਕਰਣ ਜਾ ਰਹੇ ਹਨ, ਜਿਸ ਦਾ ਕੋਈ ਬਦਲਾਵ ਨਹੀਂ। ਅਖੀਰ ਪ੍ਰਿੰਸੀਪਲ ਵੱਲੋਂ ਵੀ ਬੱਚਿਆਂ, ਮਾਪਿਆਂ ਸਮੇਤ ਧੰਨਵਾਦ ਤੇ ਹਿੱਸੇਦਾਰ ਬਣ ਅੱਗੇ ਤੌਰਨ ਦਾ ਪ੍ਰਣ ਲਿਆ।

# ਸਕੂਲੀ ਬੱਚਿਆਂ ਦੇ ਦੰਦਾਂ ਦਾ ਕੀਤਾ ਚੈਕਅਪ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰ ਵਿੱਚ ਸਥਿਤ ਐਸ.ਡੀ. ਪਬਲਿਕ ਸਕੂਲ ਵਿੱਚ ਜੈਨਸਿਸ ਡੈਂਟਲ ਕਾਲਜ ਅਤੇ ਹਸਪਤਾਲ ਫ਼ਿਰੋਜ਼ਪੁਰ ਵੱਲੋਂ ਦੰਦਾਂ ਦਾ ਚੈਕਅੱਪ ਕੈਂਪ ਲਗਾਇਆ ਗਿਆ। ਕੈਂਪ ਵਿੱਚ ਡਾ: ਆਸੀਆ ਯੂਸਫ਼, ਡਾ: ਸਮ੍ਰਿਤੀ, ਡਾ: ਹਿਤੇਸ਼ ਕ੍ਰਿਤੀਕਾ ਦੀ ਟੀਮ ਵੱਲੋਂ ਸਕੂਲ ਦੇ ਸਾਰੇ ਬੱਚਿਆਂ ਦੇ ਦੰਦਾਂ ਦੀ ਜਾਂਚ ਕੀਤੀ ਗਈ। ਸੈਮੀਨਾਰ ਵਿਚ ਪੁੱਜੇ ਮਾਹਿਰ ਡਾਕਟਰਾਂ ਨੇ ਬੱਚਿਆਂ ਨੂੰ ਕਿਹਾ ਕਿ ਜੰਕ ਫੂਡ ਤੋਂ ਪਰਹੇਜ਼ ਕੀਤਾ ਜਾਵੇ ਤਾਂ ਜ਼ੋ ਨਿਰੋਗ ਸਿਹਤ ਦੀ ਪ੍ਰਾਪਤ ਹੋ ਸਕੇ ਅਤੇ ਆਪਣੇ ਦੰਦਾਂ ਨੂੰ ਸਿਹਤਮੰਦ ਰੱਖਣ ਲਈ ਰੋਜ਼ਾਨਾ ਰਾਤ ਨੂੰ ਵੀ ਦੰਦਾਂ ਨੂੰ ਬੁਰਸ਼ ਕਰਨਾ ਜ਼ਰੂਰੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਪੁਸਪਾਕ ਮਨੀ ਨੇ ਕਿਹਾ ਕਿ ਸਰੀਰ ਦੀ ਸਿਹਤ ਲਈ ਦੰਦ ਸਭ ਤੋਂ ਜ਼ਰੂਰੀ ਹਨ, ਕਿਉਂਕਿ ਭੋਜਨ ਨੂੰ ਦੰਦਾਂ ਨਾਲ ਚਬਾ ਕੇ ਪਚ ਜਾਂਦਾ ਹੈ, ਜਿਸ ਨਾਲ ਮਨੁੱਖੀ ਸਰੀਰ ਭੋਜਨ ਨੂੰ ਆਸਾਨੀ ਨਾਲ ਹਜ਼ਮ ਕਰ ਲੈਂਦਾ ਹੈ। ਉਨ੍ਹਾਂ ਕਿਹਾ ਕਿ ਦੰਦਾਂ ਦੀ ਸੁਰੱਖਿਆ ਲਈ ਜਿੱਥੇ ਸਵੇਰੇ ਬੁਰਸ਼ ਕਰਨਾ ਚਾਹੀਦਾ ਹੈ, ਉੱਥੇ ਰਾਤ ਨੂੰ ਸੌਣ ਤੋਂ ਪਹਿਲਾਂ ਬੁਰਸ਼ ਕਰਨਾ ਵੀ ਬਹੁਤ ਜ਼ਰੂਰੀ ਹੈ, ਤਾਂ ਜੋ ਮੂੰਹ ਨੂੰ ਚੰਗੀ ਤਰ੍ਹਾਂ ਸਾਫ਼ ਰੱਖਿਆ ਜਾ ਸਕੇ। ਇਸ ਮੌਕੇ ਕਾਲਜ ਦੇ ਪੀ.ਆਰ.ਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਆਦਿ ਹਾਜ਼ਰ ਸਨ। ਇਸ ਮੌਕੇ ਸਕੂਲ ਪ੍ਰਿੰਸੀਪਲ ਪੁਸਪਾਕ ਮੈਣੀ ਅਤੇ ਕਮੇਟੀ ਨੇ ਸਾਰਿਆਂ ਦਾ ਧੰਨਵਾਦ ਕੀਤਾ।

# ਵਿਸ਼ਵ ਮਲੇਰੀਆ ਦਿਵਸ ਤੇ ਸਿਹਤ ਵਿਭਾਗ ਵੱਲੋਂ ਮਲੇਰੀਏ ਦੇ ਡੰਕ ਤੋਂ ਬਚਣ ਦੇ ਕੀਤੇ ਨੁਕਤੇ ਸਾਂਝੇ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਸਿਹਤ ਵਿਭਾਗ ਫਿਰੋਜ਼ਸ਼ਾਹ ਵੱਲੋਂ ਹੁਣ ਲੋਕਾਂ ਨੂੰ ਮਲੇਰੀਏ ਦੇ ਮੱਛਰ ਤੋਂ ਬਚਾਉਣ ਲਈ ਹਰ ਸੰਭਵ ਕੋਸ਼ਿਸ਼ ਕੀਤੀ ਜਾ ਰਹੀ ਹੈ, ਇਸੇ ਦੇ ਚਲਦਿਆਂ ਹੀ ਡਾ: ਦੀਪਕ ਚੰਦਰ ਐਸ.ਐਮ.ਓ ਫਿਰੋਜ਼ਸ਼ਾਹ ਦੇ ਦਿਸ਼ਾ—ਨਿਰਦੇਸ਼ਾਂ ਹੇਠ ਮਈ ਅਤੇ ਜੂਨ ਮਹੀਨੇ ਨੂੰ ਮਲੇਰੀਆ ਜਾਗਰੂਕਤਾ ਮਹੀਨੇ ਵਜੋਂ ਮਨਾਇਆ ਜਾ ਰਿਹਾ ਹੈ, ਜਿਸ ਤਹਿਤ ਬਲਾਕ ਦੇ ਹਰੇਕ ਪਿੰਡ ਵਿੱਚ ਪੈਰਾ ਮੈਡੀਕਲ ਸਟਾਫ ਵੱਲੋਂ ਲੋਕਾਂ ਦੇ ਸਹਿਯੋਗ ਨਾਲ ਇਸ ਬੀਮਾਰੀ ਤੋਂ ਬਚਾਉਣ ਲਈ ਜਾਣਕਾਰੀ ਸਾਂਝੀ ਕੀਤੀ ਜਾਵੇਗੀ। ਅੱਜ ਵਿਸ਼ਵ ਮਲੇਰੀਆ ਦਿਵਸ ਤੇ ਫਿਰੋਜ਼ਸ਼ਾਹ ਵਿਖੇ ਇਲਾਕਾ ਨਿਵਾਸੀਆਂ ਨੂੰ ਮਲੇਰੀਏ ਦੇ ਡੰਕ ਤੋਂ ਬੱਚਣ ਦਾ ਸੁਨੇਹਾ ਦੇਣ ਲਈ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਇਲਾਕਾ ਨਿਵਾਸੀਆਂ ਨੂੰ ਮਲੇਰੀਏ ਦੇ ਡੰਕ ਤੋਂ ਬੱਚਣ ਦੇ ਨੁਕਤੇ ਸਾਂਝੇ ਕਰਦਿਆਂ ਬਲਾਕ ਫਿਰੋਜ਼ਸ਼ਾਹ ਵਿਖੇ ਮਲੇਰੀਆਂ ਦੇ ਖਾਤਮੇ ਸੰਬੰਧੀ ਮੁਹਿੰਮ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਬੋਲਦਿਆਂ ਬੁਲਾਰਿਆਂ ਨੇ ਡਾ: ਮੀਨਾਕਸ਼ੀ ਸਿਵਲ ਸਰਜ਼ਨ ਫਿਰੋਜ਼ਪੁਰ ਦੇ ਦਿਸ਼ਾ ਨਿਰਦੇਸ਼ਾਂ ਤੇ ਘੱਟਦੇ ਹੋਏ ਮਲੇਰੀਏ ਨੂੰ ਜੜੋਂ ਖਤਮ ਕਰਨ ਲਈ ਲੋਕਾਂ ਦੀ ਹਿੱਸੇਦਾਰ ਦੀ ਅਹਿਮ ਲੋੜ ਤੇ ਜ਼ੋਰ ਦਿੱਤਾ, ਉਨ੍ਹਾਂ ਕਿਹਾ ਕਿ ਪੋਲੀਓ ਤੋਂ ਬਾਅਦ ਹੁਣ ਦੇਸ਼. ਨੂੰ ਮਲੇਰੀਆ ਮੁਕਤ ਬਨਾਉਣ ਦਾ ਕਾਰਜ ਵੀ ਆਖਰੀ ਗੇੜ ਵਿਚ ਹੈ। ਐਸ.ਆਈ ਕੇਵਲ ਸਿੰਘ ਅਤੇ ਸ੍ਰੀਮਤੀ ਨੇਹਾ ਭੰਡਾਰੀ ਬੀ.ਈ.ਈ ਨੇ ਲੋਕਾਂ ਨੂੰ ਆਪਣੀ ਸਿਹਤ ਪ੍ਰਤੀ ਸੁਹਿਰਦ ਹੋਣ ਦਾ ਹੌਕਾ ਦਿੰਦਿਆਂ ਕਿਹਾ ਕਿ ਮਲੇਰੀਏ ਦੇ ਪੂਰਨ ਖਾਤਮੇ ਲਈ ਆਮ ਲੋਕਾਂ ਦੀ ਹਿੱਸੇਦਾਰੀ ਦੀ ਅਹਿਮ ਜ਼ਰੂਰਤ ਹੈ ਤਾਂ ਜੋ ਅੰਤ ਦੇ ਕਿਨਾਰੇ ਖੜੀ ਇਸ ਬਿਮਾਰੀ ਨੂੰ ਜੜੋਂ ਪੁਟਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸੀ.ਐਚ.ਸੀ ਫਿਰੋਜ਼ਸ਼ਾਹ ਅਧੀਨ ਆਉਂਦੇ 31 ਐਚ.ਡਬਲਯੂ.ਸੀ ਤੇ ਨਾ ਸਿਰਫ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ, ਸਗੋਂ ਮਲੇਰੀਏ ਨੂੰ ਖਤਮ ਕਰਨ ਵਿੱਚ ਲੋਕਾਂ ਦੀ ਸ਼ਮੂਲੀਅਤ ਕਰਨੀ ਇਸ ਵਿੱਚ ਯਕੀਨੀ ਬਣਾਈ ਜਾਵੇਗੀ। ਡਾ: ਦੀਪਕ ਚੰਦਰ ਨੇ ਦੱਸਿਆ ਕਿ ਮਲੇਰੀਆ ਬੁਖਾਰ ਮਾਦਾ ਐਨਾਫ਼ਲੀਜ਼ ਮੱਛਰ ਦੇ ਕੱਟਣ ਨਾਲ ਫ਼ੈਲਦਾ ਹੈ ਅਤੇ ਇਹ ਮੱਛਰ ਖੜੇ ਪਾਣੀ ਵਿਚ ਪੈਦਾ ਹੁੰਦੇ ਹਨ ਜ਼ੋ ਕਿ ਦਿਨ ਅਤੇ ਰਾਤ ਵੇਲੇ ਕੱਟਦੇ ਹਨ।

ਇਸ ਮੌਕੇ ਵਿਚਾਰ ਸਾਂਝੇ ਕਰਦਿਆਂ ਸ੍ਰੀਮਤੀ ਨੇਹਾ ਭੰਡਾਰੀ ਬੀ.ਈ.ਈ ਅਤੇ ਜਗਪ੍ਰੀਤ ਸਿੰਘ ਐਮ.ਪੀ.ਐਚ.ਡਬਲਯੂ ਮੇਲ ਨੇ ਕਿਹਾ ਕਿ ਬੁਖਾਰ ਦੀ ਸਥਿਤੀ ਵਿਚ ਤੁਰੰਤ ਸਰਕਾਰੀ ਸਿਹਤ ਕੇਂਦਰ ਵਿਚ ਸੰਪਰਕ ਕੀਤਾ ਜਾਵੇ ਅਤੇ ਜ਼ਰੂਰਤ ਪੈਣ 'ਤੇ ਤੁਰੰਤ ਖੂਨ ਦੇ ਟੈਸਟ ਕਰਵਾਏ ਜਾਣ ਤਾਂ ਜੋ ਮਲੇਰੀਏ ਨੂੰ ਪਨਪਨ ਤੋਂ ਪਹਿਲਾਂ ਹੀ ਦਬੋਚਿਆ ਜਾ ਸਕੇ। ਮਲੇਰੀਆ ਬੁਖਾਰ ਦੇ ਲੱਛਣਾਂ ਬਾਰੇ ਜਾਣਕਾਰੀ ਦਿੰਦਿਆਂ ਨੇਹਾ ਭੰਡਾਰੀ ਬੀ.ਈ.ਈ, ਕੇਵਲ ਸਿੰਘ ਐਸ.ਆਈ, ਜਗਪ੍ਰੀਤ ਸਿੰਘ ਐਮ.ਪੀ.ਐਚ.ਡਬਡਯੂ ਮੇਲ ਨੇ ਦੱਸਿਆ ਕਿ ਠੰਢ ਅਤੇ ਕਾਂਬੇ ਨਾਲ ਬੁਖਾਰ, ਸਿਰ ਦਰਦ ਹੋਣਾ, ਬੁਖਾਰ ਉਤਰਣ ਤੋਂ ਬਾਅਦ ਥਕਾਵਟ ਅਤੇ ਕਮਜ਼ੋਰੀ ਹੋਣਾ ਆਦਿ ਦੀ ਸੂਰਤ ਵਿਚ ਤੁਰੰਤ ਨੇੜਲੇ ਸਰਕਾਰੀ ਹਸਪਤਾਲਾਂ ਵਿਚ ਇਲਾਜ ਕਰਵਾਇਆ ਜਾਵੇ। ਇਸ ਮੌਕੇ ਜਸਵਿੰਦਰ ਸਿੰਘ ਫਾਰਮੇਸੀ ਅਫਸਰ, ਨਵਜੋਤ ਕੌਰ ਫਾਰਮੇਸੀ ਅਫਸਰ, ਨਵਨੀਤ ਕੌਰ ਐਲ.ਟੀ, ਅਮਨ ਸਟਾਫ ਨਰਸ, ਵੀਰਮ ਸ਼ਰਮਾ, ਰਣਜੀਤ ਸਿੰਘ, ਚਿਮਨ ਬੇਗੀ, ਰੇਖਾ, ਮੈਡਮ ਲਵਪ੍ਰੀਤ ਕੌਰ ਜੈਨਸਿਜ ਨਰਸਿੰਗ ਕਾਲਜ ਅਤੇ ਜੈਨਸਿਜ ਨਰਸਿੰਗ ਕਾਲਜ ਦੇ ਵਿਦਿਆਰਥੀਆਂ ਸਮੇਤ ਆਮ ਜਨਤਾ ਵੀ ਹਾਜ਼ਰ ਸੀ।

# ਦੂਜੀ ਵਾਰ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਦੇ ਦਵਿੰਦਰ ਸਿੰਘ ਕਲਸੀ ਬਣੇ ਜ਼ਿਲਾ ਸ਼ਹਿਰੀ ਪ੍ਰਧਾਨ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਫ਼ਿਰੋਜ਼ਪੁਰ ਸ਼ਹਿਰੀ ਦੇ ਹਲਕਾ ਇੰਚਾਰਜ ਰੋਹਿਤ ਕੁਮਾਰ ਮੋਂਟੂ ਵੋਹਰਾ ਨੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਜਨਮੇਜਾ ਸਿੰਘ ਸੇਖੋਂ ਹਲਕਾ ਇੰਚਾਰਜ ਜ਼ੀਰਾ, ਜੋਗਿੰਦਰ ਸਿੰਘ ਜਿੰਦੂ ਹਲਕਾ ਇੰਚਾਰਜ ਦਿਹਾਤੀ, ਵਰਦੇਵ ਸਿੰਘ ਨੋਨੀ ਮਾਨ ਹਲਕਾ ਇੰਚਾਰਜ ਗੁਰੂਹਰਸਾਏ ਅਤੇ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਦੇ ਕੌਮੀ ਪ੍ਰਧਾਨ ਜਥੇਦਾਰ ਹੀਰਾ ਸਿੰਘ ਗਾਬੜੀਆ ਨਾਲ ਸਲਾਹ ਮਸ਼ਵਰਾ ਕਰਕੇ ਦਵਿੰਦਰ ਸਿੰਘ ਕਲਸੀ ਦੀਆਂ ਪਾਰਟੀ ਪ੍ਰਤੀ ਸੇਵਾਵਾਂ ਨੂੰ ਦੇਖਦੇ ਹੋਏ ਦੂਜੀ ਵਾਰ ਸ਼੍ਰੋਮਣੀ ਅਕਾਲੀ ਦਲ ਬੀ.ਸੀ ਵਿੰਗ ਦਾ ਜਿਲ੍ਹਾ ਸ਼ਹਿਰੀ ਪ੍ਰਧਾਨ ਨਿਯੁਕਤ ਕੀਤਾ ਗਿਆ। ਇਸ ਮੌਕੇ ਸ੍ਰੀ ਰੋਹਿਤ ਕੁਮਾਰ ਮੋਂਟੂ ਵੋਹਰਾ ਨੇ ਦਵਿੰਦਰ ਸਿੰਘ ਕਲਸੀ ਦੇ ਗ੍ਰਹਿ ਵਿਖੇ ਪੁੱਜ ਕੇ ਉਨ੍ਹਾਂ ਨੂੰ ਨਿਯੁਕਤੀ ਪੱਤਰ ਦਿੱਤਾ। ਇਸ ਮੌਕੇ ਦਵਿੰਦਰ ਸਿੰਘ ਕਲਸੀ ਨੇ ਸ਼੍ਰੀ ਰੋਹਿਤ ਕੁਮਾਰ ਮੋਂਟੂ ਵੋਹਰਾ ਨੂੰ ਵਿਸ਼ਵਾਸ ਦਵਾਇਆ ਕਿ ਉਹ ਅੱਗੇ ਨਾਲੋਂ ਵੀ ਵੱਧ ਚੜ ਕੇ ਪਾਰਟੀ ਪ੍ਰਤੀ ਸੇਵਾਵਾਂ ਨਿਭਾਉਣਗੇ। ਇਸ ਮੌਕੇ ਪਰਮਜੀਤ ਸਿੰਘ ਕਲਸੀ ਜ਼ਿਲਾ ਪ੍ਰਧਾਨ ਸਿੱਖ ਸਟੂਡੈਂਟ ਫੈਡਰੇਸ਼ਨ ਗਰੇਵਾਲ, ਬਲਵਿੰਦਰ ਸਿੰਘ ਮੈਂਬਰ ਪੀ.ਏ.ਸੀ, ਮਨਪ੍ਰੀਤ ਸਿੰਘ ਖਾਲਸਾ ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ, ਸਤਿਨਾਮ ਸਿੰਘ ਬਰਾੜ, ਲਖਵੀਰ ਸਿੰਘ ਵਕੀਲਾਂ ਵਾਲੀ, ਸੁਖਮਿੰਦਰ ਸਿੰਘ, ਮਹਿੰਦਰ ਸਿੰਘ ਸੰਧੂ, ਇੰਦਰਜੀਤ ਸਿੰਘ, ਮਨਜੀਤ ਸਿੰਘ, ਸੁਰਜੀਤ ਸਿੰਘ, ਨਿਰਮਲ ਸਿੰਘ ਕਲਸੀ, ਜਗਤਾਰ ਸਿੰਘ, ਗੁਰਪ੍ਰੀਤ ਸਿੰਘ ਕਲਸੀ ਆਦਿ ਹਾਜ਼ਰ ਸਨ।

ਇੰਗਲੈਂਡ ਦੇ ਸ਼ਹਿਰ ਨੋਟਿੰਘਮ ਵਿੱਚ ਸਥਿਤ ਸੱਤ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਕਮਿਊਨਿਟੀ ਯੂਥ ਸਰਵਿਸ ਵੱਲੋਂ

# 325ਵਾਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 34ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ











(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਨੋਟਿੰਘਮ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇੰਗਲੈਂਡ ਦੇ ਸ਼ਹਿਰ ਨੋਟਿੰਘਮ ਵਿੱਚ ਸਥਿਤ ਸੱਤ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਕਮਿਊਨਿਟੀ ਯੂਥ ਸਰਵਿਸ ਵੱਲੋਂ ਸਮੂਹ ਸੰਗਤ ਦੇ ਸਹਿਯੋਗ ਨਾਲ 325ਵਾਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 34ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ ਜਿਸ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ ਇਸ ਵਰੇ ਸੰਗਤਾਂ ਦੇ ਹੁਕਮ ਨੂੰ ਮੁੱਖ ਰੱਖਦਿਆਂ ਪ੍ਰਬੰਧਕਾਂ ਨੇ ਨਗਰ ਕੀਰਤਨ ਦਾ ਰੂਟ ਛੋਟਾ ਕੀਤਾ ਗਿਆ ਸੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਵਿੱਚ ਇਸ ਨਗਰ ਕੀਰਤਨ ਦੀ ਆਰੰਭਤਾ ਗੁਰੂ ਨਾਨਕ ਸਤਿਸੰਗ ਗੁਰਦੁਆਰਾ ਫੋਰਸ ਰੋਡ ਤੋਂ ਪੰਜ ਪਿਆਰਿਆਂ ਅਤੇ ਪੰਜ ਨਿਸ਼ਾਨਚੀ ਸਿੰਘਾਂ ਦੀ ਅਗਵਾਹੀ ਦੇ ਵਿੱਚ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਬਹੁਤ ਹੀ ਸੁਚੱਜੇ ਢੰਗ ਨਾਲ ਅਤੇ ਸਿੱਖੀ ਪਰੰਪਰਾਵਾਂ ਤਹਿਤ ਹੋਈ ਮੀਡੀਆ ਨੂੰ ਜਾਣਕਾਰੀ ਦਿੰਦੀਆਂ ਭਾਈ ਰਘਵੀਰ ਸਿੰਘ ਮਾਲੜੀ ਨੇ ਦੱਸਿਆ ਸਾਰੇ ਰਸਤੇ ਵਿੱਚ ਕਿ ਪੰਜਾਬ ਤੋਂ ਆਏ ਰਾਗੀ ਜਥਿਆਂ ਨੇ ਕੀਰਤਨ ਦੀ ਸੇਵਾਵਾਂ ਨਿਭਾਈਆ ਸੰਗਤਾਂ ਵੱਲੋਂ ਜੈਕਾਰਿਆ ਦੀ ਗੂੰਜ ਵਾਰ ਵਾਰ ਸੁਣਾਈ ਦੇ ਰਹੀਆਂ ਸਨ ਇਸ ਮੌਕੇ ਨਗਰ ਕੀਰਤਨ ਤੋਂ ਅੱਗੇ ਪੰਜਾਬ ਤੋਂ ਵਿਸ਼ੇਸ਼ ਤੌਰ ਤੇ ਮੰਗਵਾਏ ਗਏ ਮੈਸੀ ਟਰੈਕਟਰ ਅਤੇ ਟਰਾਲੀ ਦੇ ਦੋਨਾਂ ਸਾਇਡਾ ਤੇ ਅੰਮ੍ਰਿਤ ਛਕਾਉਦੀਆ ਗੁਰੂ ਸਾਹਿਬ ਦੇ ਵੱਡੇ ਪੋਸਟ ਲਗਾਏ ਗਏ ਅਤੇ ਟਰਾਲੀ ਵਿੱਚ ਪਾਣੀ ਵਾਲਾ ਵੱਡਾ ਟੈਂਕਰ ਰੱਖ ਕੇ ਸਤਿਕਾਰ ਵਜੋਂ ਜਲ ਦਾ ਛੜਕਾਉ ਕੀਤਾ ਗਿਆ ਜੋ ਕਿ ਵਿਸ਼ੇਸ਼ ਵਿੱਚ ਇੱਕ ਨਵਾਂ ਹੀ ਰੰਗ ਦੇਖਣ ਨੂੰ ਮਿਲ ਰਿਹਾ ਸੀ ਸਿੱਖ ਮੋਟਰਸਾਈਕਲ ਕਲੱਬ ਯੂਕੇ ਦੇ ਨੌਜਵਾਨਾਂ ਨੇ ਸਿਰਾਂ ਤੇ ਕੇਸਰੀ ਦਸਤਾਰਾਂ ਸਜਾ ਕੇ ਨਗਰ ਕੀਰਤਨ ਤੋਂ ਅੱਗੇ ਮੋਟਰਸਾਈਕਲਾਂ ਸਮੇਤ ਹਾਜ਼ਰੀ ਭਰ ਕੇ ਸੋਭਾ ਵਧਾਈ ਜੋ ਕਿ ਸੰਗਤ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਰਹੇ ਨੌਜਵਾਨਾਂ ਵੱਲੋਂ ਗਤਕੇ ਦੇ ਜੌਹਰ ਵੀ ਦਿਖਾਏ ਗਏ ਨਗਰ ਕੀਰਤਨ ਤੋਂ ਸਭ ਤੋਂ ਅੱਗੇ ਇੱਕ ਟਰੱਕ ਜਾ ਰਿਹਾ ਸੀ ਜਿਸ ਦੇ ਵਿੱਚ ਦੋਨਾਂ ਸਾਈਡਾਂ ਤੇ ਵੱਡੀਆਂ ਸਕਰੀਨਾਂ ਲੱਗੀਆਂ ਹੋਈਆਂ ਸਨ ਜਿਸ ਵਿੱਚ ਵਿਸਾਖੀ ਦੇ ਸੰਬੰਧ ਵਿੱਚ ਅੰਗਰੇਜ਼ੀ ਵਿੱਚ ਜਾਣਕਾਰੀ ਦੇ ਰਹੇ ਸੀ ਨਗਰ ਕੀਰਤਨ ਵਿੱਚ ਸ਼ਾਮਿਲ ਸੈਂਕੜੇ ਨੌਜਵਾਨਾਂ ਦੇ ਸਿਰਾਂ ਤੇ ਸਜਾਈਆਂ ਸੁੰਦਰ ਦਸਤਾਰਾਂ ਮਾਹੌਲ ਨੂੰ ਚਾਰ ਚੰਨ ਲਾ ਰਹੀਆਂ ਸਨ। ਸੰਗਤ ਵੱਲੋਂ ਕੇਸਰੀ ਰੰਗ ਅਤੇ ਨੀਲੇ ਰੰਗ ਦੀਆਂ ਝੰਡੀਆਂ ਫੜ ਕੇ ਇੱਕ ਨੋਟਿੰਘਮ ਦੇ ਸ਼ਹਿਰ ਵਿੱਚ ਵੱਖਰਾ ਹੀ ਰੰਗ ਦਿਸ ਰਿਹਾ ਸੀ ਇਲਾਕੇ ਦੇ ਗੁਰਦੁਆਰਾ ਸਾਹਿਬਾਨ ਵੱਖ-ਵੱਖ ਸੰਸਥਾਵਾਂ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਇਸ ਨਗਰ ਕੀਰਤਨ ਦੁਰਹਾਨ ਵੱਖ-ਵੱਖ ਤਰ੍ਹਾਂ ਦੇ ਗੁਰੂ ਕੇ ਲੰਗਰ ਜਿਨਾਂ ਵਿੱਚ ਚਾਹ, ਦੁੱਧ, ਪਕੌੜੇ, ਪਾਣੀ, ਜੂਸ, ਪੀਜ਼ਾ, ਫਲ ਆਦਿ ਦੇ ਸਟਾਰ ਵੀ ਲਗਾਏ ਗਏ ਸਨ ਸੰਗਤਾਂ ਵੱਲੋਂ ਰਸਤੇ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਪੰਜ ਪਿਆਰਿਆਂ ਉੱਪਰ ਫੁੱਲਾਂ ਦੀ ਵਰਖਾ ਕਰਦਿਆਂ ਸਵਾਗਤ ਕੀਤਾ ਗਿਆ ਇਹ ਨਗਰ ਕੀਰਤਨ ਵੱਖ ਵੱਖ ਗੁਰੂ ਘਰਾਂ ਤੋਂ ਹੁੰਦਾ ਹੋਇਆ ਜਿਸ ਦੀ ਸਮਾਪਤੀ ਰਾਮਗੜੀਆ ਗੁਰਦੁਆਰਾ ਸਾਹਿਬ ਪਰਸੀ ਸਟੀਰਟ ਹੋਈ ਉਪਰੰਤ ਗਤਕੇ ਵਾਲੇ ਸਿੰਘਾਂ ਨੇ ਆਪਣੇ ਗਤਕੇ ਦੇ ਜੌਹਰ ਵਿਖਾਏ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੁੰਦਰ ਪਾਲਕੀ ਨੂੰ ਸਜਾਉਣ ਦੀ ਸੇਵਾ ਹਰ ਵਰੇ ਦੀ ਤਰ੍ਹਾਂ ਭਾਈ ਐਰਨ ਸਿੰਘ ਲਿਸਟ ਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਵੱਲੋਂ ਨਵਾਈ ਗਈ ਇਸ ਨਗਰ ਕੀਰਤਨ ਮੌਕੇ ਵੱਖ-ਵੱਖ ਸੇਵਾਵਾਂ ਲਈ ਸਮੁੱਚੇ ਸਹਿਯੋਗੀਆਂ ਸੇਵਾਦਾਰਾਂ ਅਤੇ ਸੰਗਤ ਦਾ ਭਾਈ ਪ੍ਰਿਤਪਾਲ ਸਿੰਘ ਲਾਂਢਾ ਨੇ ਨਗਰ ਕੀਰਤਨ ਦੇ ਸਮੁੱਚੇ ਪ੍ਰਬੰਧ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ। •

ਆਵਾਜ਼ਿ ਕੌਮ
AWAZE QAUM
International Newspaper & WEB TV

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੰਗਲੈਂਡ ਦੇ ਸ਼ਹਿਰ ਨੋਟਿੰਘਮ ਵਿੱਚ ਸਥਿਤ ਸੱਤ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਕਮਿਊਨਿਟੀ ਯੂਥ ਸਰਵਿਸ ਵੱਲੋਂ

# 325ਵਾਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 34ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ































(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੰਗਲੈਂਡ ਦੇ ਸ਼ਹਿਰ ਨੋਟਿੰਘਮ ਵਿੱਚ ਸਥਿਤ ਸੱਤ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਕਮਿਊਨਿਟੀ ਯੂਥ ਸਰਵਿਸ ਵੱਲੋਂ

# 325ਵਾਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 34ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ






















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਇੰਗਲੈਂਡ ਦੇ ਸ਼ਹਿਰ ਨੋਟਿੰਘਮ ਵਿੱਚ ਸਥਿਤ ਸੱਤ ਗੁਰਦੁਆਰਾ ਸਾਹਿਬਾਨ ਅਤੇ ਸਿੱਖ ਕਮਿਊਨਿਟੀ ਯੂਥ ਸਰਵਿਸ ਵੱਲੋਂ

# 325ਵਾਂ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ 34ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ

















ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਦਾ ਇਤਿਹਾਸ ਸੰਸਾਰ ਦੇ ਧਾਰਮਿਕ ਸੰਸਾਰ ਅੰਦਰ ਅਸਲੋਂ ਨਿਵੇਕਲਾ ਅਤੇ

# ਧਾਰਮਿਕ ਸਥਾਨਾਂ ਪ੍ਰਤੀ ਅਥਾਹ ਸ਼ਰਧਾ ਤੇ ਕੁਰਬਾਨੀਆਂ ਵਾਲਾ : ਹਰਜਿੰਦਰ ਸਿੰਘ ਧਾਮੀ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 25 ਅਪ੍ਰੈਲ ਕੁਲਜੀਤ ਸਿੰਘ ਖੋਖਰ**-ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਕਸਬਾ ਹਰਚੋਵਾਲ ਨੇੜੇ ਇੱਕ ਰੈਸਟੋਰੈਂਟ ਵਿਖੇ ਪਹੁੰਚਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਿੱਖਾਂ ਦੀ ਮਿੰਨੀ ਪਾਰਲੀਮੈਂਟ ਵਜੋਂ ਜਾਣੀ ਜਾਂਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਬਹੁਤ ਵਧੀਆ ਉਪਰਾਲੇ ਕੀਤੇ ਜਾ ਰਹੇ ਹਨ ਜਿਸ ਵਿਚ ਬੱਚਿਆਂ ਨੂੰ ਉੱਚ ਪੱਧਰੀ ਅਫਸਰ ਬਣ ਵਾਸਤੇ ਮੁਫ਼ਤ ਸਿਖਲਾਈ ਦਿੱਤੀ ਜਾ ਰਹੀ ਹੈ ਜਿਸ ਵਿੱਚ ਗਰੀਬ ਵਰਗ ਦੇ ਲੋਕਾਂ ਬੱਚਿਆਂ ਲਈ ਸੁਨਹਿਰੀ ਮੌਕਾ ਦਿੱਤਾ ਗਿਆ ਹੈ। ਇਸ ਤੋਂ ਇਲਾਵਾ ਮੁਫ਼ਤ ਮੈਡੀਕਲ ਸਹਾਇਤਾ,ਵਿਦਿਆ ਪ੍ਰਦਾਨ ਕਰਨ ਲਈ ਵੱਖ ਵੱਖ ਜ਼ਿਲ੍ਹਿਆਂ ਸਕੂਲ ਕਾਲਜ ਖੋਲ੍ਹੇ ਗਏ ਹਨ।ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਵਿਦਿਅਕ ਅਦਾਰਿਆਂ ਵਿਚ ਪੜ੍ਹਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਸਾਲਾਨਾ ਵਜੀਫਾ ਰਾਸ਼ੀ ਜਾਰੀ ਰੱਖਣ ਦਾ ਫੈਸਲਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਅੰਤ੍ਰਿੰਗ ਕਮੇਟੀ ਨੇ ਛੱਤੀਸਗੜ੍ਹ, ਆਂਧਰਾ ਪ੍ਰਦੇਸ਼ ਅਤੇ ਮੱਧ ਪ੍ਰਦੇਸ਼ ਸੂਬਿਆਂ ਵਿਚ ਸਿਕਲੀਗਰ ਸਿੱਖਾਂ ਦੇ ਬੱਚਿਆਂ ਦੀਆਂ ਸਕੂਲ ਫੀਸਾਂ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ ਹੈ। ਇਥੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਸਿੱਖ ਨੌਜੁਆਨੀ ਨੂੰ ਸਿੱਖ ਵਿਰਸੇ ਅਤੇ ਪਛਾਣ ਨਾਲ ਜੋੜੀ ਰੱਖਣ ਦੇ ਮੰਤਵ ਨਾਲ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਹਰ ਸਾਲ ਵਜ਼ੀਫੇ ਦਿੱਤੇ ਜਾਂਦੇ ਹਨ, ਜਿਸ ਦੀ ਲਗਾਤਾਰਤਾ ਬਰਕਰਾਰ ਰਹੇਗੀ। ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਆਖਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸਥਾਪਨਾ ਦਾ ਇਤਿਹਾਸ ਸੰਸਾਰ ਦੇ ਧਾਰਮਿਕ ਸੰਸਾਰ ਅੰਦਰ ਅਸਲੋਂ ਨਿਵੇਕਲਾ ਅਤੇ ਧਾਰਮਿਕ ਸਥਾਨਾਂ ਪ੍ਰਤੀ ਅਥਾਹ ਸ਼ਰਧਾ ਤੇ ਕੁਰਬਾਨੀਆਂ ਵਾਲਾ ਹੈ। ਅੰਗਰੇਜ਼ ਹਕੂਮਤ ਸਮੇਂ ਸਿੱਖ ਗੁਰਧਾਮਾਂ ਤੇ ਜਦੋਂ ਮਹੰਤਾਂ ਨੇ ਗੁਰੂ ਸਾਹਿਬਾਨ ਦੀ ਸੋਚ ਵਿਰੁੱਧ ਮਨਮਤੀ ਕਾਰਵਾਈਆਂ ਆਰੰਭ ਦਿੱਤੀਆਂ ਤਾਂ ਮਰਜੀਵੜੇ ਅਕਾਲੀ ਯੋਧਿਆਂ ਨੇ ਗੁਰਦੁਆਰਾ ਸਾਹਿਬਾਨ ਨੂੰ ਆਜ਼ਾਦ ਕਰਵਾਉਣ ਲਈ ਲਹਿਰ ਸਿਰਜੀ। ਇਸ ਲਹਿਰ ਨੇ ਗੁਰਦੁਆਰਾ ਪ੍ਰਬੰਧ ਸੁਧਾਰ ਲਈ ਪ੍ਰਣ ਕੀਤਾ। ਅਸਲ ਵਿਚ ਸਿੱਖਾਂ ਦੇ ਗੁਰਦੁਆਰਾ ਸਾਹਿਬਾਨ ਨਾਲ ਗਹਿਰੇ ਸਬੰਧਾਂ ਬਾਰੇ ਅੰਗਰੇਜ਼ ਜਾਣ ਗਏ ਸਨ। ਉਨ੍ਹਾਂ ਨੇ ਸਿੱਖੀ ਦੇ ਪ੍ਰੇਰਨਾ ਸਰੋਤ ਗੁਰਦੁਆਰਿਆਂ ਉੱਤੇ ਕਬਜ਼ਾ ਕਰਨ ਦੇ ਮੰਤਵ ਨਾਲ ਮਹੰਤਾਂ ਰਾਹੀਂ ਗੁਰਦੁਆਰਿਆਂ ਦਾ ਪ੍ਰਬੰਧ ਅਸਿੱਧੇ ਢੰਗ ਨਾਲ ਆਪਣੇ ਹੱਥਾਂ ਵਿਚ ਲੈ ਲਿਆ। ਇਨ੍ਹਾਂ ਦੁਰਾਚਾਰੀ ਮਹੰਤਾਂ ਨੇ ਗੁਰਦੁਆਰਾ ਸਾਹਿਬਾਨ ਦੇ ਚੜ੍ਹਾਵੇ ਦੀ ਮਾਇਆ ਨੂੰ ਆਪਣੇ ਐਸ਼ੋ-ਆਰਾਮ ਲਈ ਵਰਤਣਾ ਸ਼ੁਰੂ ਕਰ ਦਿੱਤਾ ਅਤੇ ਗੁਰਦੁਆਰਿਆਂ ਅੰਦਰੋਂ ਗੁਰੂ ਸਾਹਿਬਾਨ ਦੇ ਫਲਸਫੇ ਦੀ ਸਿੱਖ ਚੇਤਨਾ ਨੂੰ ਰੋਕਣ ਲਈ ਸਿੱਖੀ ਦੇ ਵਿਰੁੱਧ ਮਨਮਤੀ ਤੇ ਕਰਮਕਾਂਡੀ ਕਾਰਵਾਈਆਂ ਆਰੰਭ ਦਿੱਤੀਆਂ। ਮਹੰਤਾਂ ਦੇ ਇਸ ਕਿਰਦਾਰ ਅਤੇ ਚਾਲ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਸੀ ਕਰ ਸਕਦੀ। ਇਸ ਦੌਰਾਨ ਮਹੰਤਾਂ ਪਾਸੋਂ ਗੁਰੂ ਘਰਾਂ ਦਾ ਪ੍ਰਬੰਧ ਵਾਪਸ ਲੈਣ ਲਈ ਸਿੱਖਾਂ ਨੇ ਵੱਡੀ ਜਦੋ-ਜਹਿਦ ਕੀਤੀ ਪਰ ਮਹੰਤਾਂ ਨੂੰ ਸਰਕਾਰ ਦਾ ਥਾਪੜਾ ਪ੍ਰਾਪਤ ਸੀ। ਗੁਰਦੁਆਰਾ ਸਾਹਿਬਾਨ ਨੂੰ ਪੰਥਕ ਪ੍ਰਬੰਧਾਂ ਹੇਠ ਲੈਣ ਲਈ ਗੁਰਦੁਆਰਾ ਸੁਧਾਰ ਲਹਿਰ ਨੇ ਸਰਗਰਮ ਅੰਲੋਦਨ ਆਰੰਭ ਕੀਤਾ। ਸਿੱਖ ਪੰਥ ਨੇ 12 ਅਕਤੂਬਰ 1920 ਨੂੰ ਸ੍ਰੀ ਦਰਬਾਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਪ੍ਰਬੰਧ ਮਹੰਤਾਂ ਕੋਲੋਂ ਛੁਡਵਾ ਲਿਆ, ਮਹੰਤਾਂ ਨੇ ਕਬਜ਼ਾ ਛੱਡ ਕੇ ਭੱਜਣ ਵਿਚ ਹੀ ਆਪਣੀ ਭਲਾਈ ਸਮਝੀ ਪਰ ਅੰਗਰੇਜ਼ ਸਰਕਾਰ ਨੇ ਗੁਰਦੁਆਰਿਆਂ ਉੱਤੇ ਸਰਕਾਰੀ ਦਖ਼ਲ ਬਣਾਈ ਰੱਖਣ ਲਈ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਰਾਹੀਂ ਕਮੇਟੀ ਬਣਾ ਦਿੱਤੀ। ਸਿੱਖ ਪੰਥ ਨੇ ਆਪਣੀ ਕੇਂਦਰੀ ਸੰਸਥਾ ਦੀ ਲੋੜ ਦੇ ਮੰਤਵ ਨਾਲ 15 ਨਵੰਬਰ 1920 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਇਕੱਤਰਤਾ ਦਾ ਫੈਸਲਾ ਕੀਤਾ। ਸਿੱਖਾਂ ਦੀ ਲਾਮਬੰਦੀ ਨੂੰ ਲੈ ਕੇ ਇਸ ਤੋਂ ਪਹਿਲਾਂ ਹੀ ਅੰਗਰੇਜ਼ ਸਰਕਾਰ ਨੇ ਸਿੱਖਾਂ ਵਿਚ ਫੁੱਟ ਪਾਉਣ ਅਤੇ ਆਪਣੇ ਵਫ਼ਾਦਾਰਾਂ ਨੂੰ ਗੁਰਦੁਆਰਾ ਪ੍ਰਬੰਧਾਂ ਵਿਚ ਸ਼ਾਮਲ ਕਰਨ ਦੇ ਮੰਤਵ ਨਾਲ 36 ਮੈਂਬਰਾਂ ਦੀ ਇਕ ਹੋਰ ਅਸਥਾਈ ਕਮੇਟੀ ਦੀ ਸਥਾਪਨਾ ਦਾ ਐਲਾਨ ਕਰ ਦਿੱਤਾ ਪਰ 15 ਨਵੰਬਰ 1920 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿੱਖ ਪੰਥ ਦੇ ਵੱਡੇ ਇਕੱਠ ਨੇ 175 ਮੈਂਬਰੀ ਪ੍ਰਤੀਨਿਧ ਕਮੇਟੀ ਦਾ ਗਠਨ ਕਰ ਲਿਆ। ਗੁਰਦੁਆਰਾ ਸਾਹਿਬਾਨ ਦੀ ਪੰਥਕ ਭਾਵਨਾ ਨਾਲ ਸੇਵਾ ਸੰਭਾਲ ਲਈ ਗਠਤ ਕੀਤੀ ਗਈ ਇਸ ਕਮੇਟੀ ਦਾ ਨਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਰੱਖਿਆ ਗਿਆ। ਇਸ ਦੇ ਹੋਂਦ ਵਿਚ ਆਉਣ ਨਾਲ ਸਿੱਖ ਸ਼ਕਤੀ ਸੰਗਠਤ ਹੋਈ ਅਤੇ ਫਿਰ ਸ਼੍ਰੋਮਣੀ ਅਕਾਲੀ ਦਲ ਦੀ ਸਥਾਪਨਾ ਨਾਲ ਸਿੱਖਾਂ ਦੀ ਸਿਆਸੀ ਸ਼ਕਤੀ ਦਾ ਮੁੱਢ ਬੱਝਾ। ਇਸ ਮਗਰੋਂ ਵੱਖ ਵੱਖ ਗੁਰਦੁਆਰਿਆਂ ਦਾ ਪ੍ਰਬੰਧ ਪੰਥਕ ਹੱਥਾਂ ਵਿਚ ਲਿਆਉਣ ਲਈ ਸਿੱਖਾਂ ਦੇ ਲਗਾਏ ਮੋਰਚੇ ਲਾਸਾਨੀ ਇਤਿਹਾਸ ਹਨ ਜਿਸ ਨੇ ਗੁਰੂ ਘਰਾਂ ਦਾ ਪ੍ਰਬੰਧ ਸਿੱਖ ਕੌਮ ਦੀ ਪ੍ਰਤੀਨਿਧ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਾਸ ਲੈਣ ਵਿਚ ਸਫਲਤਾ ਹਾਸਲ ਕੀਤੀ। ਇਨ੍ਹਾਂ ਮੋਰਚਿਆਂ ਦੌਰਾਨ ਸਿੱਖਾਂ ਨੂੰ ਵੱਡੀਆਂ ਕੁਰਬਾਨੀਆਂ ਦੇਣੀਆਂ ਪਈਆਂ।



ਆਵਾਜ਼ਿ ਕੌਮ AWAZE QAUM International Newspaper & WEB TV

ਸੰਨ 1925 ਵਿਚ ਸਰਕਾਰ ਵੱਲੋਂ ਸਿੱਖ ਗੁਰਦੁਆਰਾ ਐਕਟ-1925 ਰਾਹੀਂ ਸਿੱਖ ਪੰਥ ਦੀ ਇਸ ਪ੍ਰਤੀਨਿਧ ਸੰਸਥਾ ਨੂੰ ਕਾਨੂੰਨੀ ਮਾਨਤਾ ਪ੍ਰਾਪਤ ਹੋਈ। ਇਸ ਅਨੁਸਾਰ ਚੋਣ ਪ੍ਰਕਿਰਿਆ ਤਹਿਤ 170 ਮੈਂਬਰ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਵਿੱਚੋਂ ਵੋਟਾਂ ਰਾਹੀਂ ਚੁਣੇ ਜਾਂਦੇ ਹਨ। ਇਸ ਤੋਂ ਇਲਾਵਾ ਦੇਸ਼ ਭਰ ਵਿੱਚੋਂ 15 ਮੈਂਬਰ ਨਾਮਜ਼ਦ ਕੀਤੇ ਜਾਂਦੇ ਹਨ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਅਤੇ ਪੰਜ ਤਖ਼ਤਾਂ ਦੇ ਜਥੇਦਾਰ ਸਾਹਿਬਾਨ ਬਿਨਾ ਚੋਣ ਤੋਂ ਕਮੇਟੀ ਦੇ ਮੈਂਬਰ ਹੁੰਦੇ ਹਨ। ਮੈਂਬਰਾਂ ਦੀ ਕੁਲ ਗਿਣਤੀ 191 ਹੁੰਦੀ ਹੈ। ਕਮੇਟੀ ਦੇ ਅਹੁਦੇਦਾਰਾਂ ਦੀ ਚੋਣ ਹਰ ਸਾਲ ਨਵੰਬਰ ਮਹੀਨੇ ਵਿਚ ਕੀਤੀ ਜਾਂਦੀ ਹੈ ਜਿਸ ਵਿਚ ਪ੍ਰਧਾਨ, ਸੀਨੀਅਰ ਮੀਤ ਪ੍ਰਧਾਨ, ਜੂਨੀਅਰ ਮੀਤ ਪ੍ਰਧਾਨ, ਜਨਰਲ ਸਕੱਤਰ ਅਤੇ 15 ਮੈਂਬਰੀ ਅੰਤ੍ਰਿੰਗ ਕਮੇਟੀ ਚੁਣੀ ਜਾਂਦੀ ਹੈ। ਇਸ ਤਰ੍ਹਾਂ ਸ਼੍ਰੋਮਣੀ ਕਮੇਟੀ ਦਾ ਪ੍ਰਬੰਧ ਸੰਗਤ ਦੁਆਰਾ ਚੁਣੇ ਹੋਏ ਨੁਮਾਇੰਦੇ ਕਰਦੇ ਹਨ। ਇਕ ਸਦੀ ਦੌਰਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸਿੱਖ ਹਿੱਤਾਂ ਦੀ ਹਮੇਸ਼ਾ ਤਰਜਮਾਨੀ ਕੀਤੀ ਹੈ। ਦੇਸ਼ ਵਿਦੇਸ਼ ਅੰਦਰ ਵੱਸਦੇ ਸਿੱਖਾਂ ਦੇ ਮਸਲਿਆਂ ਲਈ ਆਵਾਜ਼ ਬੁਲੰਦ ਕਰਨਾ ਇਸ ਦੀ ਪਹਿਲ ਰਹੀ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਨੂੰ ਇਕਸਾਰ ਲਾਗੂ ਕਰਨ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਵੱਡਾ ਕਾਰਜ ਹੈ ਜਿਸ ਨੇ ਪੰਥਕ ਏਕਤਾ ਨੂੰ ਬਲ ਦਿੱਤਾ। ਸਿੱਖ ਪੰਥ ਦੀ ਇਹ ਉੱਚ ਦੁਮਾਲੜੀ ਧਾਰਮਿਕ ਸੰਸਥਾ ਪੰਥਕ ਸ਼ਕਤੀ ਇਸ ਮੌਕੇ ਤੇ ਉਨ੍ਹਾਂ ਨਾਲ਼ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੋਹਨ ਸਿੰਘ ਠੰਡਲ, ਹਲਕਾ ਸ੍ਰੀ ਹਰਗੋਬਿੰਦਪੁਰ ਦੇ ਇੰਚਾਰਜ ਰਾਜਨਬੀਰ ਸਿੰਘ ਘੁਮਾਣ, ਸਾਬਕਾ ਮੰਤਰੀ ਬਲਬੀਰ ਸਿੰਘ ਮਿਆਣੀ, ਲਖਵਿੰਦਰ ਸਿੰਘ ਲੱਖੀ, ਸ਼੍ਰੋਮਣੀ ਕਮੇਟੀ ਮੈਂਬਰ ਸੁਰਜੀਤ ਸਿੰਘ ਤੁਗਲਵਾਲ ਕੁਲਦੀਪ ਸਿੰਘ ਮੂੜ, ਤਰਸੇਮ ਸਿੰਘ ਭਾਮ, ਸਰਦੂਲ ਸਿੰਘ ਔਲਖ, ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਰਿਆੜ, ਬਾਬਾ ਚੈਨ ਸਿੰਘ, ਗੁਰਨੇਕ ਸਿੰਘ ਹਰਚੋਵਾਲ, ਜੇਤਿੰਦਰ ਸਿੰਘ ਲੱਧਾ ਮੁੰਡਾ, ਰਾਜਾ ਸਿੰਘ ਬੱਲਵਾੜ, ਗੁਰਦਿਆਲ ਸਿੰਘ, ਆਦਿ ਆਗੂ ਹਾਜਰ ਸਨ।

ਵਿਸ਼ਵ ਮਲੇਰੀਆ ਦਿਵਸ ਮੌਕੇ

# ਕਰਵਾਇਆ ਗਿਆ ਰੈਲੀ ਅਤੇ ਕਵਿੱਜ ਕੰਪੀਟੀਸ਼ਨ




**ਚੌਕ ਮਹਿਤਾ, 25 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ -)**ਸਿਹਤ ਵਿਭਾਗ ਵਲੋਂ ਤਹਿਤ ਆਮ ਲੋਕਾ ਨੂੰ ਇਸ ਗਰਮੀ ਦੇ ਮੋਸਮ ਵਿੱਚ ਮਲੇਰੀਆਂ ਸੰਬਧੀ ਜਾਗਰੂਕ ਕਰਨ ਲਈ ਅੱਜ ਦਫਤਰ ਸਿਵਲ ਸਰਜਨ, ਤਰਨ ਤਾਰਨ ਵਿਖੇ ਇੱਕ ਰੈਲੀ ਕੱਢੀ ਗਈ ਅਤੇ ਕਵਿੱਜ ਕੰਪੀਟੀਸ਼ਨ ਕਰਵਾਇਆ ਗਿਆ ਇਸ ਅਵਸਰ ਤੇ ਸੰਬੋਧਨ ਕਰਦਿਆ ਸਿਵਲ ਸਰਜਨ ਤਰਨਤਾਰਨ ਡਾ ਕਲਮਪਾਲ ਸਿੱਧੂ ਨੇ ਕਿਹਾ ਕਿ ਮਲੇਰੀਆ ਤੋ ਬੱਚਣ ਲਈ ਸਭ ਤੋ ਜਿਆਦਾ ਜਰੂਰੀ ਹੈ ਕੀ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ।ਕਿਉਕੀ ਇਲਾਜ ਨਾਲੋ ਪਰਹੇਜ ਜਿਆਦਾ ਜਰੂਰੀ ਹੈ। ਉਨਾਂ ਵਲੋ ਹੋਰ ਜਾਣਕਾਰੀ ਦਿੰਦੇ ਦੱਸਿਆ ਕਿ ਮਲਰੀਆ ਇੱਕ ਵੈਕਟਰ ਬੋਰਨ ਬੀਮਾਰੀ ਹੈ ਜੋ ਕਿ ਮਾਦਾ ਐਨਾਫਲੀਜ ਨਾਂ ਦੇ ਮੱਛਰ ਦੇ ਕੱਟਣ ਨਾਲ ਪੈਦਾ ਹੰਦਾ ਹੈ। ਜਿਸਦੇ ਲੱਛਣ ਤੇਜ ਸਿਰਦਰਦ ਅਤੇ ਤੇਜ ਬੁਖਾਰ, ਮਾਸ ਪੇਸ਼ੀਆ ਅਤੇ ਜੋੜਾ ਦਾ ਦਰਦ, ਅਖਾ ਦੇ ਪਿਛਲੇ ਹਿੱਸੇ ਦਰਦ ,ਉਲਟੀਆਂ,ਨੱਕ-ਮੂੰਹ ਅਤੇ ਮਸੂੜਿਆ ਵਿੱਚੋ ਖੂਨ ਵਗਣਾ ਆਦੀ ਹੈ ਮਲੇਰੀਆ ਬੁਖਾਰ ਦੇ ਸ਼ੱਕ ਹੋਣ, ਦੀ ਸੂਰਤ ਵਿੱਚ ਤੂਰੰਤ ਸਰਕਾਰੀ ਹਸਪਤਾਲ ਤੋ ਹੀ ਫਰੀ ਚੈਕਅੱਪ ਅਤੇ ਇਲਾਜ ਕਰਵਾਉਣ। ਇਸ ਅਵਸਰ ਤੇ ਜਿਲਾ੍ ਟੀਕਾਕਰਨ ਅਫਸਰ ਡਾ ਵਰਿੰਦਰ ਪਾਲ ਕੋਰ, ਜਿਲ੍ਹਾ ਪਰਿਵਾਰ ਭਲਾਈ ਅਫਸਰ ਡਾ ਆਸ਼ੀਸ਼ ਗੁਪਤਾ, ਸਹਾਇਕ ਸਿਵਲ ਸਰਜਨ ਡਾ ਦੇਵੀਬਾਲਾ, ਜਿਲਾ੍ ਸਿਹਤ ਅਫਸਰ ਡਾ ਸੁਖਬੀਰ ਕੌਰ, ਜਿਲਾ੍ ਐਪੀਡਿਮੋਲੋਜਿਸਟ ਡਾ ਸਿਮਰਨ, ਡਾ ਅਮਨਦੀਪ ਸਿੰਘ, ਜਿਲਾ੍ ਐਮ.ਈ.ਆਈ.ਓ. ਅਮਰਦੀਪ ਸਿੰਘ, ਵੱਖ-ਵੱਖ ਨਰਸਿੰਗ ਸਕੂਲਾਂ ਦੇ ਵਿਦਿਆਰਥੀ ਅਤੇ ਟੀਚਰ ਹਾਜਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਸਾਹਿਬ ਦੀ ਵਾਹੀ ਵਾਲੀ ਜਮੀਨ ਦੀ ਮੁੱਖ ਮੰਤਰੀ ਮਰੀਅਮ ਨੇ ਦਾਤੀ ਨਾਲ ਕਣਕ ਦੀ ਵਾਢੀ ਕੀਤੀ ਸ਼ੁਰੂ ਭੁੱਲਰ



ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਲਹਿੰਦੇ ਪੰਜਾਬ ਦੀ ਡਿਪਟੀ ਚੀਫ ਮਨਿਸਟਰ ਮਰਿਅਮ ਔਰਗਜੇਬ ਬੜੇ ਚੰਗੇ ਸੁਭਾਅ ਦੇ ਹਨ, ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ ਇਹ ਦੋਨੋਂ ਇਕੱਠੀਆਂ ਹੀ ਰਹਿੰਦੀਆਂ ਹਨ, ਕਰਤਾਰਪੁਰ ਸਾਹਿਬ ਕੁਝ ਧਰਤੀ ਹੈ, ਉਹ ਜਿਥੇ ਗੁਰੂ ਨਾਨਕ ਸਾਹਿਬ ਹਨ, ਵਾਹਿਆ ਕਰਦੇ ਸਨ, ਉਥੇ ਅੱਜ ਕਣਕ ਦੀ ਫਸਲ ਹੈ। ਭਾਈ ਮਰਦਾਨਾ ਸੁਸਾਇਟੀ ਦੇ ਜਥੇ ਦੇ ਮੁਖੀ ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਉਥੇ ਪੱਕੀ ਕਣਕ ਦੀ ਫਸਲ ਤੇ ਮੁੱਖ ਮੰਤਰੀ ਮਰੀਅਮ ਨੇ ਦਾਤੀ ਪਾ ਕੇ ਕਣਕ ਦੀ ਵਾਢੀ ਆਰੰਭ ਕਰਵਾਈ, ਜ਼ੋ ਉਥੋਂ ਦੇ ਅਵਾਮ ਲਈ ਇਕ ਮਿਸਾਲ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਧਾਇਕ ਰਜਨੀਸ਼ ਦਹੀਆ ਤੇ ਲੱਗੇ ਇਲਜ਼ਾਮ ਪੂਰੀ ਤਰ੍ਹਾਂ ਬੇਬੁਨਿਆਦ—ਮਿੰਕੂ ਚੌਧਰੀ

ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਸ਼ਿਵ ਸੈਨਾ ਪੰਜਾਬ ਮੀਤ ਪ੍ਰਧਾਨ ਸ੍ਰੀ ਮਿੰਕੂ ਚੌਧਰੀ ਨੇ ਪਾਰਟੀ ਬਾਜੀ ਤੋਂ ਉਪਰ ਉੱਠ ਕੇ ਆਖਿਆ ਕਿ ਫਿਰੋਜ਼ਪੁਰ ਦਿਹਾਤੀ ਦੇ ਐਮ.ਐਲ.ਏ ਸ੍ਰੀ ਰਜਨੀਸ਼ ਦਹੀਆ ਦੇ ਕੋਲ ਅੱਜ ਤੱਕ ਕੋਈ ਵੀ ਆਦਮੀ ਕੰਮ ਕਰਵਾਉਣ ਲਈ ਗਿਆ ਹੈ ਤਾਂ ਵਿਧਾਇਕ ਵੱਲੋਂ ਅੱਜ ਤੱਕ ਕਿਸੇ ਵੀ ਆਦਮੀ ਪਾਸੋਂ ਕੋਈ ਵੀ ਰਕਮ ਦੀ ਮੰਗ ਨਹੀਂ ਕੀਤੀ ਗਈ। ਸ਼ਿਵ ਸੈਨਾ ਆਗੂ ਮਿੰਕੂ ਚੌਧਰੀ ਨੇ ਕਿਹਾ ਕਿ ਜੋ ਕਿਸਾਨ ਆਗੂਆਂ ਦੁਆਰਾ ਵਿਧਾਇਕ ਰਜਨੀਸ਼ ਦਹੀਆ ਉਪਰ ਇਲਜ਼ਾਮ ਲਗਾਏ ਗਏ ਹਨ ਉਹ ਇਲਜ਼ਾਮ ਝੂਠੇ ਅਤੇ ਬੇਬੁਨਿਆਦ ਹਨ। ਇਸ ਮੌਕੇ ਤੇ ਮਿੰਕੂ ਚੌਧਰੀ ਨੇ ਆਖਿਆ ਕਿ ਐਮ.ਐਲ.ਏ ਰਜਨੀਸ਼ ਦਹੀਆ ਨੇ ਫਿਰੋਜਪੁਰ ਦਿਹਾਤੀ ਦੇ ਲੋਕਾਂ ਦੇ ਨਾਲ—ਨਾਲ ਫਿਰੋਜ਼ਪੁਰ ਸ਼ਹਿਰੀ ਦੇ ਲੋਕਾਂ ਦੇ ਵੀ ਕਾਫੀ ਕੰਮ ਕੀਤੇ ਹਨ ਅਤੇ ਕੁਝ ਕਿਸਾਨ ਨੇਤਾ ਸਿਆਸੀ ਲਾਹਾ ਲੈਣ ਦੇ ਖਾਤਰ ਐਮ.ਐਲ.ਏ ਰਜਨੀਸ਼ ਦਹੀਆ ਦਾ ਅਕਸ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੀ ਹਨ ਅਤੇ ਫਿਰੋਜ਼ਪੁਰ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਕਿਸਾਨ ਨੇਤਾ ਨੇ ਐਮ.ਐਲ.ਏ ਰਜਨੀਸ਼ ਦਹੀਆ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕੀਤੀ ਤਾਂ ਸ਼ਿਵ ਸੈਨਾ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਐਮ.ਐਲ.ਏ ਰਜਨੀਸ਼ ਦਈਆ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੋਵੇਗੀ।

# ਫੋਰੈਸਟ ਪੈਨਸ਼ਨ ਵੈਲਫੇਅਰ ਐਸੋਸੀਏਸ਼ਨ ਦੀ ਹੋਈ ਮੀਟਿੰਗ ਵਿਚ ਮੁਸ਼ਕਿਲਾਂ ਦਾ ਹੋਇਆ ਨਿਪਟਾਰਾ—ਧਾਲੀਵਾਲ

ਫ਼ਿਰੋਜ਼ਪੁਰ, 25 ਅਪ੍ਰੈਲ (ਮਨੋਹਰ ਲਾਲ) :— ਮਾਨਯੋਗ ਵਧੀਕ ਮੁੱਖ ਸਕੱਤਰ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਪੰਜਾਬ ਦੇ ਨਾਲ ਪੰਜਾਬ ਫੋਰੈਸਟ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੀ ਮੀਟਿੰਗ ਹੋਈ। ਇਸ ਸਬੰਧੀ ਜਾਣਕਾਰੀ ਦਿੰਦਿਆਂਮਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਜ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਵਣ ਪੈਨਸ਼ਨਰਜ਼ ਦੇ ਬਣਦੇ ਸੇਵਾ ਲਾਭ ਦੇਣ, ਮ੍ਰਿਤਕ ਮੁਲਾਜ਼ਮਾਂ ਦੇ ਵਾਰਸਾਂ ਨੂੰ ਨੌਕਰੀਆਂ ਦੇਣ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਉਨ੍ਹਾਂ ਕਿਹਾ ਕਿ ਮੁੱਖ ਸਕੱਤਰ ਜੀ ਨੇ ਵਫ਼ਦ ਨੂੰ ਨੌਕਰੀਆਂ ਦੇਣ ਸਬੰਧੀ ਭਰੋਸਾ ਦਵਾਇਆ, ਹੁਣ ਵਣ ਵਿਭਾਗ ਵੱਲੋਂ ਸ਼੍ਰੀ ਸੁਖਚੈਨ ਸਿੰਘ ਵਣ ਗਾਰਡ ਮ੍ਰਿਤਕ ਦੇ ਲੜਕੇ ਸ਼੍ਰੀ ਕਰਨਵੀਰ ਨੂੰ ਉਪ ਰੇਂਜਰ ਦੀ ਆਸਾਮੀ ਤੇ ਤਾਇਨਾਤ ਕਰਨ ਲਈ ਮਨਜ਼ੂਰੀ ਦੇਣ ਤੇ ਉਸ ਦਾ ਫਿਜ਼ੀਕਲ ਟੈਸਟ ਲੈਣ ਲਈ ਕਮੇਟੀ ਬਣਾ ਦਿੱਤੀ ਹੈ ਅਤੇ ਜਲਦੀ ਹੀ ਪੈਰਵਾਈ ਸਦਕਾ ਕਰਨਵੀਰ ਡਿਪਟੀ ਰੇਜਰ ਦੀ ਆਸਾਮੀ ਤੇ ਤਾਇਨਾਤ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਮੋਗਾ ਰੇਂਜ ਤੋ ਸੇਵਾਮੁਕਤ ਸ਼੍ਰੀ ਹਰਬੰਸ ਸਿੰਘ ਸਾਬਕਾ ਫਾਰਸੈਟ ਨੂੰ ਪਾਈ ਰਿਕਵਰੀ ਅਤੇ ਪੈਨਸ਼ਨ ਕੇਸ ਉਸ ਦੇ ਸੇਵਾ ਲਾਭ ਸਬੰਧੀ ਵਣ ਪਾਲ ਫ਼ਿਰੋਜ਼ਪੁਰ ਸਰਕਲ ਦਾ ਸ੍ਰੀ ਨਰੇਸ਼ ਮਹਾਜਨ ਆਈ.ਐਫ.ਐਸ ਨਾਲ ਐਸੋਸੀਏਸ਼ਨ ਦੀ ਮੀਟਿੰਗ ਉਪਰੰਤ ਸ਼੍ਰੀ ਹਰਬੰਸ ਸਿੰਘ ਸਾਬਕਾ ਫਾਰਸੈਟ ਦਾ ਪੈਨਸ਼ਨ ਕੇਸ ਮਾਨਯੋਗ ਅਕਾਊਟ ਜਰਨਲ ਪੰਜਾਬ ਚੰਡੀਗੜ ਤੋਂ ਮਨਜੂਰ ਹੋ ਗਿਆ, ਉਸ ਨੂੰ ਪਾਈ ਰਿਕਵਰੀ ਵਿੱਚ ਸੋਧ ਉਪਰੰਤ 40/60 ਦੇ ਅਨੁਪਾਤ ਨਾਲ ਰਿਕਵਰੀ ਘਟਾ ਕੇ ਬਣਦੇ ਸੇਵਾ ਲਾਭ ਜਾਰੀ ਕਰਵਾਏ ਗਏ। ਇਸ ਦੇ ਨਾਲ ਹੀ ਸ਼੍ਰੀ ਗੁਰਦੀਪ ਸਿੰਘ ਸਾਬਕਾ ਵਣ ਗਾਰਡ ਬਠਿੰਡਾ ਦੀ ਗੁੰਮ ਹੋਈ ਸੇਵਾ ਪਤਰੀ ਬਾਰੇ ਪੈਰਵਾਈ ਕੀਤੀ, ਵਣ ਪਾਲ ਦਫਤਰ ਫ਼ਿਰੋਜ਼ਪੁਰ ਵੱਲੋ ਸੇਵਾ ਪੱਤਰੀ ਪ੍ਰਾਪਤੀ ਲਈ ਵਣ ਮੰਡਲ ਅਫ਼ਸਰ ਅੰਮ੍ਰਿਤਸਰ ਨੂੰ ਲਿਖਤੀ ਪੱਤਰ ਜਾਰੀ ਕੀਤਾ ਗਿਆ ਹੈ, ਜਲਦ ਹੀ ਐਸੋਸੀਏਸ਼ਨ ਵੱਲੋਂ ਮਾਨਯੋਗ ਵਣ ਮੰਤਰੀ ਪੰਜਾਬ ਨੂੰ ਵਣ ਪੈਨਸ਼ਨਰਜ਼ ਦੇ ਬਣਦੇ ਸੇਵਾ ਲਾਭ ਸਬੰਧੀ ਮੰਗ ਪੱਤਰ ਸੌਂਪਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਇੱਕ ਪਾਖੰਡੀ ਤੋਂ ਤਿੰਨ ਪਾਵਨ ਸਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸੈਂਚੀਆਂ, ਗੁਰਬਾਣੀ ਦੇ ਗੁਟਕੇ, ਪੋਥੀਆਂ ਅਤੇ ਹੋਰ

# ਧਾਰਮਿਕ ਖਜ਼ਾਨਾ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਕੀਤੇ ਸਸ਼ੋਭਿਤ





**ਫਿਰੋਜ਼ਪੁਰ 25 ਅਪ੍ਰੈਲ (ਮਨੋਹਰ ਲਾਲ)**-ਪਿਛਲੇ ਦਿਨੀਂ ਇੰਟਰਨੈਸ਼ਨਲ ਪੰਥਕ ਦਲ ਜ਼ਿਲ੍ਹਾ ਫ਼ਿਰੋਜ਼ਪੁਰ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਸਹਿਯੋਗ ਨਾਲ ਅਤੇ ਭਾਈ ਕੁਲਵੰਤ ਸਿੰਘ ਮੈਨੇਜਰ ਗੁਰਦੁਆਰਾ ਜਾਮਨੀ ਸਾਹਿਬ ਦੇ ਸਹਿਯੋਗ ਨਾਲ ਇੱਕ ਪਾਖੰਡੀ ਤੋਂ ਤਿੰਨ ਪਾਵਨ ਸਰੂਪ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ, ਸੈਂਚੀਆਂ, ਗੁਰਬਾਣੀ ਦੇ ਗੁਟਕੇ, ਪੋਥੀਆਂ ਅਤੇ ਹੋਰ ਧਾਰਮਿਕ ਖਜ਼ਾਨਾ ਗੁਰਦੁਆਰਾ ਜਾਮਨੀ ਸਾਹਿਬ ਵਿਖੇ ਕੀਤੇ ਸਸ਼ੋਭਿਤ, ਫਿਰੋਜ਼ਪੁਰ ਸ਼ਹਿਰ ਦੇ ਬਸੰਤ ਵਿਹਾਰ ਮੁਹੱਲੇ ਦਾ ਰਹਿਣ ਵਾਲਾ ਪਾਖੰਡੀ ਸਰਵਣ ਸਿੰਘ ਜੋ ਕਿ ਪਿਛਲੇ ਲੰਮੇ ਸਮੇਂ ਤੋਂ ਨਿੱਜੀ ਤੌਰ ਤੇ ਗੁਰਦੁਆਰਾ ਸਾਹਿਬ ਬਣਾ ਕੇ ਆਪਣੇ ਵਿੱਚ ਭਾਈ ਮਨੀ ਸਿੰਘ ਜੀ, ਬਾਬਾ ਦੀਪ ਸਿੰਘ ਜੀ ਅਤੇ ਬਾਬਾ ਬੋਤਾ ਸਿੰਘ ਜੀ, ਬਾਬਾ ਗਰਜਾ ਸਿੰਘ ਜੀ ਅਤੇ ਹੋਰ ਅਨੇਕਾਂ ਸ਼ਹੀਦ ਸਿੰਘਾਂ ਦਾ ਪਹਿਰਾ ਆਉਣ ਦਾ ਡਰਾਮਾ ਕਰਕੇ ਆਪਣੀ ਪਖੰਡ ਦੀ ਦੁਕਾਨ ਚਲਾ ਰਿਹਾ ਸੀ। ਜਿਸ ਦਾ ਪਤਾ ਲੱਗਣ ਤੇ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪੰਜਾਬ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ ਦੀ ਅਗਵਾਈ ਹੇਠ ਇਸ ਪਖੰਡੀ ਬਾਬੇ ਦੇ ਡੇਰੇ ਤੇ ਪੁਲੀਸ ਪ੍ਰਸ਼ਾਸਨ ਨੂੰ ਨਾਲ ਲੈਕੇ ਛਾਪਾਮਾਰੀ ਕੀਤੀ ਗਈ ਜਿਸ ਦੌਰਾਨ ਪਖੰਡੀ ਸਾਧ ਚਿਤਾਵਨੀ ਦੇ ਕੇ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ, ਗੁਰਬਾਣੀ ਦੀਆਂ ਪੋਥੀਆਂ ਅਤੇ ਸੈਂਚੀਆਂ ਪੂਰਣ ਗੁਰਮਰਿਆਦਾ ਅਨੁਸਾਰ ਇਤਿਹਾਸਕ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ ਵਿਖੇ ਪਹੁੰਚਾਏ ਗਏ ਅੱਜ ਦੀ ਕਾਰਵਾਈ ਵਿੱਚ ਇੰਟਰਨੈਸ਼ਨਲ ਪੰਥਕ ਦਲ ਧਾਰਮਿਕ ਵਿੰਗ ਦੇ ਪ੍ਰਧਾਨ ਬਾਬਾ ਸਤਨਾਮ ਸਿੰਘ ਵੱਲੀਆਂ, ਜ਼ਿਲ੍ਹਾ ਪ੍ਰੈਸ ਸਕੱਤਰ ਭਾਈ ਸਾਹਬ ਸਿੰਘ, ਜ਼ਿਲ੍ਹਾ ਪ੍ਰਧਾਨ ਭਾਈ ਪਿੱਪਲ ਸਿੰਘ, ਸ਼ਹਿਰੀ ਪ੍ਰਧਾਨ ਭਾਈ ਬੇਅੰਤ ਸਿੰਘ ਐੱਮ ਸੀ। ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕ ਭਾਈ ਸੁਖਵਿੰਦਰ ਸਿੰਘ, ਭਾਈ ਕੁਲਵੰਤ ਸਿੰਘ ਮੈਨੇਜਰ ਗੁਰਦੁਆਰਾ ਜਾਮਨੀ ਸਾਹਿਬ ਬਜੀਦਪੁਰ , ਪ੍ਰਚਾਰਕ ਭਾਈ ਕੁਲਜੀਤ ਸਿੰਘ, ਭਾਈ ਜਸਵੰਤ ਸਿੰਘ ਅਤੇ ਹੋਰ ਅਨੇਕਾਂ ਸਿੰਘ ਸ਼ਾਮਲ ਸਨ।

ਆਵਾਜ਼ਿ ਕੌਮ AWAZE QAUM International Newspaper & WEB TV






### ਮੋਗਾ ਪੁਲਿਸ ਨੇ ਦੁਕਾਨਦਾਰ ਨੂੰ ਲੁੱਟਣ ਵਾਲੇ ਕੀਤੇ ਕਾਬੂ

# ਲੁੱਟੇ ਗਏ ਪੈਸੇ ਅਤੇ ਐਕਟਿਵਾ ਸਕੂਟਰੀ ਕੀਤੀ ਬਰਾਮਦ

ਮੋਗਾ, 25 ਅਪ੍ਰੈਲ(ਆਵਾਜਿ ਕੌਮ ਬਿਓਰੋ) -ਪੰਜਾਬ ਦੇ ਮੋਗਾ ਵਿੱਚ ਪਿਛਲੇ ਦਿਨੀਂ ਲੁਟੇਰਿਆਂ ਨੇ ਇੱਕ ਦੁਕਾਨਦਾਰ ਨੂੰ ਉਦੋਂ ਲੁੱਟ ਲਿਆ ਸੀ ਉਹ ਆਪਣੇ ਘਰ ਸਕੂਟਰ ਤੇ ਆ ਰਿਹਾ ਸੀ। ਉਹ ਸਾਰੀ ਘਟਨਾ ਸੀਸੀਟੀਵੀ ਕੈਮਰਿਆਂ ਵਿੱਚ ਕੈਦ ਹੋ ਗਈ ਸੀ। ਜਿਸ ਤੋਂ ਮੋਗਾ ਪੁਲਿਸ ਆਪਣੀਆਂ ਟੀਮਾਂ ਬਣਾ ਕੇ ਉਨ੍ਹਾਂ ਲੁਟੇਰਿਆਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ। ਇਸ ਸਬੰਧੀ ਮੋਗਾ ਦੇ ਐਸਐਸਪੀ ਵਿਵੇਕ ਸ਼ੀਲ ਨੇ ਪ੍ਰੈਸ ਕਾਨਫਰੰਸ ਦੱਸਿਆ ਕਿ ਮਿਤੀ 18.04.2024 ਨੂੰ ਕਮਲ ਕੁਮਾਰ ਉਰਫ ਵਿੱਕੀ ਪੁੱਤਰ ਵਿਜੈ ਕੁਮਾਰ ਪੁੱਤਰ ਹਰਬੰਸ ਲਾਲ ਵਾਸੀ ਵੇਦਾਂਤ ਨਗਰ ਗਲੀ ਨੰਬਰ:7, ਮਕਾਨ ਨੰਬਰ 1219, ਮੋਗਾ ਵੱਲੋਂ ਪੁਲਿਸ ਨੂੰ ਇਤਲਾਹ ਦਿੱਤੀ ਕਿ ਉਸਦੀ ਕਰਿਆਨੇ ਦੀ ਦੁਕਾਨ ਹੈ, ਜੋ ਵਕਤ ਕਰੀਬ 8 ਵਜੇ ਸ਼ਾਮ ਨੂੰ ਆਪਣੀ ਦੁਕਾਨ ਬੰਦ ਕਰਕੇ ਕਰੀਬ 5-6 ਲੱਖ ਰੁਪਏ ਇੱਕ ਲਿਫਾਫੇ ਵਿੱਚ ਪਾ ਕੇ ਆਪਣੀ ਸਕੂਟਰੀ ਰੰਗ ਲਾਲ ਨੰਬਰੀ ਪੀ. ਬੀ.-29-14-8958 ਦੀ ਡਿੱਗੀ ਵਿੱਚ ਰੱਖ ਕੇ ਆਪਣੇ ਘਰ ਨੂੰ ਜਾ ਰਿਹਾ ਸੀ ਤਾਂ ਜਦ ਉਹ ਆਪਣੇ ਘਰ ਦੇ ਕਰੀਬ ਗਲੀ ਨੰਬਰ 07 ਵਿਦਾਂਤ ਨਗਰ ਮੋਗਾ ਪੁੱਜਾ ਤਾਂ ਪਿੱਛੇ ਤੋ ਇੱਕ ਮੋਟਰਸਾਇਕਲ ਪਰ ਤਿੰਨ ਵਿਅਕਤੀ ਆਏ। ਜਿੰਨ੍ਹਾ ਦੇ ਮੂੰਹ ਬੰਨੇ ਹੋਏ ਸਨ ਤਾਂ ਉਹਨਾਂ ਵਿੱਚੋ ਇੱਕ ਆਦਮੀ ਦੇ ਹੱਥ ਵਿੱਚ ਲੋਹੇਦਾ ਦਾਹ ਸੀ। ਜਿਸ ਨੇ ਲੋਹਾ ਦਾਹ ਮੁਦੱਈ ਕਮਲ ਕੁਮਾਰ ਉਰਫ ਵਿੱਕੀ ਦੇ ਸਿਰ ਵਿੱਚ ਮਾਰਿਆ ਤਾਂ ਜਦ ਮੁਦੱਈ ਸਕੂਟਰੀ ਛੱਡ ਕੇ ਭੱਜਿਆ ਤਾਂ ਉਹਨਾਂ ਵਿੱਚੋ ਦੋ ਆਦਮੀਆਂ ਨੇ ਮੁਦੱਈ ਦੀ ਸਕੂਟਰੀ ਸਮੇਤ ਕੈਸ਼ ਲੈ ਕੇ ਮੌਕਾ ਤੋਂ ਫਰਾਰ ਹੋ ਗਏ।ਜਿਸ ਤੇ ਮੁਦੱਈ ਕਮਲ ਕੁਮਾਰ ਉਰਫ ਵਿੱਕੀ ਦੇ ਬਿਆਨ ਤੇ ਨਾ ਮਾਲੂਮ ਦੋਸ਼ੀਆਂ ਖਿਲਾਫ ਮੁਕੱਦਮਾ ਨੰਬਰ 60 ਮਿਤੀ 18.04.2024 ਅ/ਧ 379-2(2) ਆਈ. ਪੀ .ਸੀ. ਥਾਣਾ ਸਿਟੀ ਸਾਊਥ ਮੋਗਾ ਦਰਜ ਰਜਿਸਟਰ ਕੀਤਾ ਗਿਆ। ਦੋਸ਼ੀਆ ਨੂੰ ਟਰੇਸ ਕਰਕੇ ਗ੍ਰਿਫਤਾਰ ਕੀਤੇ ਰਘਵੀਰ ਸਿੰਘ ਉਰਫ ਰਵੀ ਪੁੱਤਰ ਗੁਰਨਾਮ ਸਿੰਘ ਵਾਸੀ ਪਿੰਡ ਬਹੋਨਾ 2) ਕਰਨ ਕੁਮਾਰ ਉਰਫ ਹਨੀ ਪੁੱਤਰ ਰਾਜੇਸ ਕੁਮਾਰ ਵਾਸੀ ਬੁੱਕਣ ਵਾਲਾ ਰੋਡ ਲਹੋਰੀਆ ਦਾ ਮੁਹੱਲਾ ਮੋਗਾ ,3) ਅਰਸ਼ਦੀਪ ਸਿੰਘ ਉਰਫ ਦੀਪੂ ਪੁੱਤਰ ਹਰਦੀਪ ਸਿੰਘ ਵਾਸੀ ਪ੍ਰੀਤ ਨਗਰ ਗਲੀ ਨੰਬਰ:1 ਮੋਗਾ, 4) ਅਕਾਸ ਕੁਮਾਰ ਉਰਫ ਚੰਦ ਪੁੱਤਰ ਬਲਜੀਤ ਕੁਮਾਰ ਵਾਸੀ ਬੱਗੇਆਣਾ ਬਸਤੀ ਮੋਗਾ 5) ਰਜਿੰਦਰ ਸਿੰਘ ਉਰਫ ਜੈਰੀ ਪੁੱਤਰ ਕੁਲਵੰਤ ਸਿੰਘ ਵਾਸੀ ਬਹੋਨਾ ਚੌਕ ਪਹਾੜਾ ਸਿੰਘ ਬਸਤੀ ਮੋਗਾ ਵੱਜੋ ਹੋਈ। ਜਿਹਨਾ ਨੂੰ ਮਿਤੀ 25.04.2024 ਨੂੰ ਮੁਕੱਦਮਾ ਵਿੱਚ ਗ੍ਰਿਫਤਾਰ ਕਰਕੇ ਇਹਨਾ ਪਾਸੋਂ ਉਕਤ ਵਾਰਦਾਤ ਵਿੱਚ ਵਰਤਿਆ ਮੋਟਰਸਾਇਕਲ ਸਪਲੈਂਡਰ, ਇੱਕ ਦਾਹ ਲੋਹਾ, ਇੱਕ ਕਿਰਚ ਲੋਹਾ,ਖੋਹ ਕੀਤੀ ਸਕੂਟਰੀ ਨੰਬਰੀ ਪੀ.ਬੀ.-29-14-8958 ਅਤੇ ਖੋਹ ਕੀਤੀ ਰਕਮ 2,50,000 ਰੁਪਏ ਬਰਾਮਦ ਕੀਤੇ।ਗ੍ਰਿਫਤਾਰ ਉਕਤ ਦੋਸੀਆਂ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਿਲ ਕੀਤਾ ਜਾਵੇਗਾ ਅਤੇ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ।



# ਪੀ.ਐਚ.ਸੀ. ਚੱਕੋਵਾਲ ਵਿਖੇ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ

**ਹੁਸ਼ਿਆਰਪੁਰ, 25 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸੰਸਾਰ ਅੰਦਰ 25 ਅਪ੍ਰੈਲ ਨੂੰ ਅੰਤਰਰਾਸ਼ਟਰੀ ਮਲੇਰੀਆ ਦਿਵਸ ਦੇ ਤੌਰ ਤੇ ਮਨਾਇਆ ਜਾਂਦਾ ਹੈ। ਪੂਰੇ ਵਿਸ਼ਵ ਵਾਂਗ ਹੀ ਭਾਰਤ ਦੇਸ਼ ਅਤੇ ਪੰਜਾਬ ਪ੍ਰਾਂਤ ਅੰਦਰ ਵੀ ਇਸ ਦਿਵਸ ਨੂੰ ਮਨਾਇਆ ਗਿਆ ਹੈ ਅਤੇ ਜਿਸ ਸਬੰਧੀ ਵੱਖ-ਵੱਖ ਸਥਾਨਾ ਤੇ ਮਲੇਰੀਆ ਜਾਗਰੂਕਤਾ ਕੈਂਪ ਲਗਾਏ ਗਏ ਹਨ।ਸੀਨੀਅਰ ਮੈਡੀਕਲ ਅਫਸਰ ਡਾ.ਬਲਦੇਵ ਸਿੰਘ ਦੇ ਦਿਸ਼ਾ ਨਿਰਦੇਸ਼ਾ ਤਹਿਤ ਮੁੱਢਲਾ ਸਿਹਤ ਕੇਂਦਰ ਚੱਕੋਵਾਲ ਵਿਖੇ ਵੀ ਆਮ ਆਦਮੀ ਕਲੀਨਿਕ ਦੇ ਇੰਚਾਰਜ ਡਾ.ਨਵਕਰਨ ਸਿੰਘ ਦੀ ਅਗਵਾਈ ਹੇਠ ਵਿਸ਼ਵ ਮਲੇਰੀਆ ਦਿਵਸ ਮਨਾਇਆ ਗਿਆ।ਇਸ ਮੌਕੇ ਸੰਬੋਧਨ ਕਰਦਿਆ ਹੈਲਥ ਇੰਸਪੈਕਰ ਗੁਰਦੇਵ ਸਿੰਘ ਨੇ ਦਸਿਆ ਕਿ ਵਿਸ਼ਵ ਮਲੇਰੀਆ ਦਿਵਸ ਅਫਰੀਕਾ ਮਲੇਰੀਆ ਦਿਵਸ ਨੂੰ ਮਨਾਉਣ ਲਈ ਅਫਰੀਕਾ ਮਹਾਂਦੀਪ ਵਿੱਚ ਕੀਤੇ ਜਾ ਰਹੇ ਯਤਨਾਂ ਵਿੱਚੋਂ ਨਿੱਕਲਿਆ ਹੈ ਅਤੇ ਵਿਸ਼ਵ ਸਿਹਤ ਸੰਗਠਨ ਵਲੋਂ ਅਧਿਕਾਰਤ 11 ਗਲੋਬਲ ਜਨਤਕ ਹਿਤ ਮੁਹਿੰਮਾਂ ਵਿੱਚੋ ਇਹ ਇੱਕ ਅਹਿਮ ਦਿਨ ਹੈ।ਉਹਨਾਂ ਕਿਹਾ ਕਿ ਮਲੇਰੀਆ ਨਾਲ 2015 ਵਿੱਚ ਸਭ ਤੋਂ ਵੱਧ ਮੌਤਾਂ ਹੋਈਆਂ ਸਨ ਅਤੇ ਹੁਣ ਬਹੁਤ ਹੱਦ ਤੱਕ ਇਸਤੇ ਕਾਬੂ ਪਾ ਲਿਆ ਗਿਆ ਹੈ। ਮੇਲ ਵਰਕਰ ਦਿਲਬਾਗ ਸਿੰਘ ਨੇ ਸੰਬੋਧਨ ਕਰਦਿਆ ਮਲੇਰੀਆ ਤੋਂ ਬਚਾਅ ਸਬੰਧੀ ਜਾਣਕਾਰੀ ਦਿੱਤੀ ਕਿ ਆਸ-ਪਾਸ ਦੀ ਸਫਾਈ ਰੱਖਕੇ ਇਸ ਰੋਗ ਦਾ ਕਾਰਣ ਬਣਨ ਵਾਲੇ ਮੱਛਰ ਨੂੰ ਪੈਦਾ ਹੋਣ ਤੋਂ ਰੋਕਿਆ ਜਾ ਸਕਦਾ ਹੈ।ਉਹਨਾਂ ਕਿਹਾ ਕਿ ਘਰਾਂ ਅੰਦਰ ਗਮਲਿਆਂ, ਖਾਲੀ ਬਰਤਨਾਂ, ਪੁਰਾਣੇ ਟਾਇਰਾਂ, ਫਰਿੱਜਾਂ ਆਦਿ ਦੇ ਪਿੱਛੇ ਪਾਣੀ ਨੂੰ ਜਮਾਂ ਨਹੀਂ ਹੋਣ ਦੇਣਾ ਚਾਹੀਦਾ, ਗਲੀਆਂ-ਨਾਲੀਆਂ ਦੀ ਲਗਾਤਾਰ ਸਫਾਈ ਕਰਦੇ ਰਹਿਣਾ ਚਾਹੀਦਾ ਹੈ ਅਤੇ ਬੁਖਾਰ ਹੋਣ ਦੀ ਸੂਰਤ ਵਿੱਚ ਨੇੜੇ ਦੇ ਸਿਹਤ ਕੇਂਦਰ ਜਾ ਕੇ ਖੂਨ ਦੀ ਜਾਂਚ ਜ਼ੂਰਰ ਕਰਵਾਉਣੀ ਚਾਹੀਦੀ ਹੈ ਕਿਉਂਕਿ ਕੋਈ ਵੀ ਬਖਾਰ ਮਲੇਰੀਆ ਹੋ ਸਕਦਾ ਹੈ। ਇਸ ਮੌਕੇ ਡਾ. ਕਲਿਪ, ਫਾਰਮੇਸੀ ਅਫਸਰ ਇੰਦਰਜੀਤ ਵਿਰਦੀ, ਸੰਜੀਵ ਧਰਵਾਲ, ਸਤਵੀਰ ਸਿੰਘ, ਗੁਰਦੀਪ ਕੌਰ ਵੀ ਹਾਜਰ ਸਨ।